SWITCH INSURANCE
AUTO, HOME & COMMERCIAL
Commercial Vehicle Insurance
Commercial Property Insurance
Commercial General Liability (CGL)
Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi
B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit **punjabipost.ca/epaper** | **Vol 24* Issue 124** | **Tuesday, 09 July 2024** | **Tel: 905-793-2202 | Fax: 905-793-2282 | news@punjabipost.ca** | ਤੁਸੀਂ 'ਪੰਜਾਬੀ ਪੋਸਟ' ***Online***ਰੋਜ਼ਾਨਾ ਪੜ੍ਹ ਸਕਦੇ ਹੋ

## ਸਕਵੈਮਿਸ਼, ਬੀ.ਸੀ. ਨੇੜੇ 3 ਪਰਬਤਾਰੋਹੀਆਂ ਦੀਆਂ ਲਾਸ਼ਾਂ ਮਿਲੀਆਂ

ਵੈਨਕੂਵਰ, 8 ਜੁਲਾਈ (ਪੋਸਟ ਬਿਊਰੋ): ਸਕਵਾਮਿਸ਼, ਬੀ. ਸੀ. ਨੇੜੇ ਇੱਕ ਮੁਸ਼ਕਿਲ ਚੜਾਈ 'ਤੇ ਤਿੰਨ ਪਰਬਤਾਰੋਹੀਆਂ ਦੀਆਂ ਲਾਸ਼ਾਂ ਬਰਾਮਦ ਹੋਈਆਂ ਹਨ।

ਸਕਵੈਮਿਸ਼ ਸਰਚ ਐਂਡ ਰੇਸਕਿਊ ਮੈਨੇਜਰ ਬੀ.ਜੇ. ਸ਼ੂਟ ਨੇ ਪੁਸ਼ਟੀ ਕੀਤੀ ਕਿ ਲਾਸ਼ਾਂ ਨੂੰ ਸੋਮਵਾਰ ਨੂੰ ਗੈਰੀਬਾਲਡੀ ਪਾਰਕ ਤੋਂ ਬਾਹਰ ਲਿਜ-ਾਇਆ ਗਿਆ।



ਚੁਟੇ ਨੇ ਇੱਕ ਬਿਆਨ ਵਿੱਚ ਕਿਹਾ ਕਿ ਸਕਵੈਮਿਸ਼ ਸਰਚ ਐਂਡ ਰੇਸਕਿਊ ਦੇ ਮੈਂਬਰਾਂ ਨੇ ਏਟਵੇਲ ਪੀਕ ਖੇਤਰ ਵਿੱਚ ਤਿੰਨ ਆਦਮੀਆਂ ਦੀਆਂ ਲਾਸ਼ਾਂ ਬਰਾਮਦ ਕਰਨ ਲਈ ਅੱਜ ਸਵੇਰੇ ਆਰਸੀਐਮਪੀ ਨਾਲ ਕੰਮ ਕੀਤਾ। ਇਹ ਕੰਮ ਆਰਸੀਐਮਪੀ ਅਤੇ (ਬੀ. ਸੀ. ਕੋਰੋਨਰਸ ਸਰਵਿਸ) ਨੂੰ ਸੌਂਪ ਦਿੱਤਾ ਗਿਆ ਹੈ।

ਪਰਬਤਾਰੋਹੀ ਮਈ ਦੇ ਅੰਤ ਵਿੱਚ ਏਟਵੇਲ ਪੀਕ- ਉੱਚ ਉਚਾਈ 'ਤੇ ਇੱਕ ਤਕਨੀਕੀ ਚੜਾਈ 'ਤੇ ਚੜ੍ਹਨ ਲਈ ਨਿਕਲੇ, ਪਰ ਵਾਪਿਸ ਨਹੀਂ ਆਏ।

ਖੋਜ ਦਲ ਨੇ ਪਹਿਲਾਂ ਕਿਹਾ ਸੀ ਕਿ ਪਰਬਤਾਰੋਹੀ ਮਾਹਿਰ ਪਰਬਤਾਰੋਹੀ ਸਨ ਜੋ ਸੰਭਵਾਵੀ ਆਪਣੇ ਮੁਹਿੰਮ ਲਈ ਲੋੜੀਂਦੀ ਉਪਕਰਨ ਲਿਜਾਅ ਰਹੇ ਸਨ। ਉਨ੍ਹਾਂ ਦੀ ਚੜਾਈ ਦੌਰਾਨ ਚੁਣੌਤੀ ਭਰਪੂਰ ਮੌਸਮ ਦੀ ਸਥਿਤੀ ਪੈਦਾ ਹੋ ਗਈ, ਜਿਸ ਨਾਲ ਬਰਫ਼ਬਾਰੀ ਦਾ ਖ਼ਤਰਾ ਵਧ ਗਿਆ, ਜਿਸ ਨਾਲ ਖੋਜ ਦੇ ਪਹਿਲੇ ਕਈ ਦਿਨਾਂ ਤੱਕ ਬਚਾਅ ਕੋਸ਼ਿਸ਼ਾਂ ਵਿੱਚ ਰੁਕਾਵਟ ਪੈਦਾ ਹੋਈ।

## ਐਡਮੈਂਟਨ ਵਿਚ ਦੋ ਘਰਾਂ ਨੂੰ ਲੱਗੀ ਅੱਗ, ਹੋਇਆ ਭਾਰੀ ਨੁਕਸਾਨ



ਐਡਮੈਂਟਨ, 8 ਜੁਲਾਈ (ਪੋਸਟ ਬਿਊਰੋ): ਦੱਖਣ-ਪੂਰਵ ਐਡਮੈਂਟਨ ਵਿੱਚ ਦੋ ਘਰਾਂ ਅੱਗ ਲੱਗਣ ਕਾਰਨ ਭਾਰੀ ਨੁਕਸਾਨ ਹੋ ਗਿਆ। ਐਡਮੈਂਟਨ ਫਾਇਰ ਰੇਸਕਿਊ ਸਰਵਿਸੇਜ਼ ਨੇ ਦੱਸਿਆ ਕਿ ਰਾਤ 11:49 ਵਜੇ 41 ਸਟਰੀਟ ਅਤੇ 37 ਏਵੇਨਿਊ ਵਿੱਚ ਅੱਗ ਲੱਗਣ ਦੀ ਸੂਚਨਾ ਮਿਲੀ।

ਸਵੇਰੇ 6:20 ਤੱਕ ਅੱਗ ਨਹੀਂ ਬੁਝੀ ਸੀ। ਕਿਸੇ ਦਾ ਜਾਨੀ ਨੁਕਸਾਨ ਨਹੀਂ ਹੋਇਆ, ਹਾਲਾਂਕਿ ਘਟਨਾ ਸਥਾਨ 'ਤੇ ਈਐੱਮਐੱਸ ਵੱਲੋਂ ਇੱਕ ਵਿਅਕਤੀ ਦੀ ਜਾਂਚ ਕੀਤੀ ਗਈ।

## ਜਸਟਿਨ ਬੀਬਰ ਨੇ ਭਾਰਤ ਵਿੱਚ ਅਨੰਤ ਅੰਬਾਨੀ ਅਤੇ ਰਾਧਿਕਾ ਮਰਚੈਂਟ ਦੇ ਸੰਗੀਤਕ ਪ੍ਰੋਗਰਾਮ ਵਿਚ ਦਿੱਤੀ ਪੇਸ਼ਕਾਰੀ

### ਸ਼ੋਸ਼ਲ ਮੀਡੀਆ 'ਤੇ ਸ਼ੇਅਰ ਕੀਤੀਆਂ ਯਾਦਾਂ



ਓਟਵਾ, 8 ਜੁਲਾਈ (ਪੋਸਟ ਬਿਊਰੋ): ਅੰਤਰਰਾਸ਼ਟਰੀ ਪੌਪ ਗਾਇਕ ਜਸਟਿਨ ਬੀਬਰ ਨੇ ਆਪਣੇ ਦਮਦਾਰ ਪ੍ਰਦਰਸ਼ਨ ਅਤੇ ਗੀਤਾਂ ਨਾਲ ਅਨੰਤ ਅੰਬਾਨੀ ਅਤੇ ਰਾਧਿਕਾ ਮਰਚੈਂਟ ਦੇ ਸੰਗੀਤ ਸਮਾਰੋਹ ਵਿਚ ਸਾਰਿਆਂ ਦਿਲ ਜਿੱਤ ਲਿਆ। ...ਬਾਕੀ ਪੰਨਾ 2 'ਤੇ

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

MagGas Medical Brampton
MGM
MAGGAS MEDICAL INC.
Helping you breathe deep and rest easy.
• CPAP ਮਸ਼ੀਨਾਂ, ਮਾਸਕ ਅਤੇ ਸਪਲਾਈ
• ਮੁਫ਼ਤ ਸਲਾਹ
• ਓਨਟਾਰੀਓ ਡਿਸਏਬਿਲਟੀ ਸਪੋਰਟ ਪ੍ਰੋਗਰਾਮ ਲਈ ਮੁਫ਼ਤ
• ਓਨਟਾਰੀਓ ਵਰਕਸ ਲਈ ਮੁਫ਼ਤ
• ਮੁਫ਼ਤ ਡਿਲੀਵਰੀ
(647) 954-9885
20 Maritime Ont Blvd Unit 15
Brampton, ON L6S 0C2

ਨਵਾਂ ਘਾਹ ਲਵਾਉ
647-784-1213
www.aaalandscaping.ca
1. ਪੁਰਾਣਾ ਘਾਹ ਹਟਾਉ ਅਤੇ ਨਵਾਂ ਲਵਾਉ
2. ਏਰੀਆ ਨੂੰ ਲੇਵਲ ਕਰਨਾ ਅਤੇ ਮਿੱਟੀ ਰਲਾਉਣੀ
3. ਨਵਾਂ ਘਾਹ ਲਵਾਉ
4. ਆਪਣੇ ਨਵੇਂ ਅਤੇ ਸੋਹਣੇ ਘਾਹ ਨੂੰ ਦੇਖੋ

MANN LAW FIRM
• Real Estate Law • Business Law
• Wills & Estates • Family Law
• Power of Attorney • Civil Litigation
• Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

Royal Pest Control
Residential Commercial Industrial
Specialist in Bedbugs Service
All Pest Control :
• Mouse & Rats • Spiders & Fleas • Bedbugs • Wasps
• Cockroaches • Carpenter Ants • Silver Fish • Racoons
Call : PARESH PATEL
(Government Approved Licensed Technician)
416 938 4598

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
• ਪਾਵਰ ਆਫ ਸੇਲ ਨੋਟਿਸ ?
• ਗਾਰਨਿਸ਼ਮੈਂਟ?
• ਬੈਂਕ ਵਲੋਂ ਪੈਸੇ ਦੀ ਮੰਗ ?
• ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available
1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7



## ਅੱਜ ਨਾਮਾ

ਮਹੂਆ ਮੋਇਤਰਾ ਕਸੂਤੀ ਆ ਫੇਰ ਫਸਗੀ,
ਬਹਿ ਗਿਆ ਜੜ੍ਹੀਂ ਹੈ ਨਵਾਂ ਬਿਆਨ ਭਾਈ।
ਮੁੱਦਾ ਚੁੱਕਿਆ ਓਸ ਨਹੀਂ ਗਲਤ ਦਿੱਸਦਾ,
ਰਿਹਾ ਨਾ ਸ਼ਬਦਾਂ ਦਾ ਜ਼ਰਾ ਧਿਆਨ ਭਾਈ।
ਸਿਆਣੀ ਉਂਜ ਤੇ ਬਹੁਤ ਉਹ ਕਹੀ ਜਾਂਦੀ,
ਤਿਲਕ ਜਾਏ ਬੋਲਦੇ ਵਕਤ ਜ਼ਬਾਨ ਭਾਈ।
ਰਹਿੰਦੀ ਜਿਨ੍ਹਾਂ ਦੇ ਉਲਟ ਆ ਬੋਲਦੀ ਉਹ,
ਉਨ੍ਹਾਂ ਫਿਰ ਲਿਆ ਈ ਸਾਂਭ ਮੈਦਾਨ ਭਾਈ।
ਇਨ੍ਹਾਂ ਗੱਲਾਂ ਨਾਲ ਅੱਗੇ ਇੱਕ ਕੇਸ ਬਣਿਆ,
ਮਹਿੰਗੀ ਦੁਸ਼ਮਣੀ ਬਹੁਤੀ ਉਹ ਪਈ ਭਾਈ।
ਬਣਿਆ ਕੇਸ ਇਹ ਨਵਾਂ ਤਾਂ ਭੁਗਤਣਾ ਪਊ,
ਮਾਰ ਰਹੇ ਟਾਹਰਾਂ ਅਗੇਤੇ ਹਨ ਕਈ ਭਾਈ।

**ਤੀਸ ਮਾਰ ਖਾਂ**

## ਜਸਟਿਨ ਬੀਬਰ ਨੇ ਭਾਰਤ ਵਿੱਚ ਅਨੰਤ ਅੰਬਾਨੀ ਅਤੇ ਰਾਧਿਕਾ ਮਰਚੈਂਟ ਦੇ ਸੰਗੀਤਕ ਪ੍ਰੋਗਰਾਮ ਵਿਚ ਦਿੱਤੀ ਪੇਸ਼ਕਾਰੀ

ਪੰਨਾ 1 ਦਾ ਬਾਕੀ


ਜਿਸ ਦੀਆਂ ਕਈ ਵੀਡੀਓਜ਼ ਸੋਸ਼ਲ ਮੀਡੀਆ 'ਤੇ ਵਾਇਰਲ ਹੋਈਆਂ। ਇਸ ਦੇ ਨਾਲ ਹੀ ਹੁਣ ਗਾਇਕ ਨੇ ਆਪਣੇ ਇੰਸਟਾਗ੍ਰਾਮ 'ਤੇ ਇਕ ਵਾਰ ਫਿਰ ਭਾਰਤ ਦੌਰੇ ਦੀਆਂ ਯਾਦਾਂ ਨੂੰ ਤਾਜ਼ਾ ਕੀਤਾ ਹੈ।

ਇੰਟਰਨੈਸ਼ਨਲ ਪੌਪ ਸਿੰਗਰ ਜਸਟਿਨ ਬੀਬਰ ਨੇ ਆਪਣੀ ਬੀਮਾਰੀ ਕਾਰਨ ਕਾਫੀ ਸਮੇਂ ਤੋਂ ਆਪਣਾ ਵਰਲਡ ਟੂਰ ਰੱਦ ਕਰ ਦਿੱਤਾ ਸੀ, ਜਿਸ ਤੋਂ ਬਾਅਦ ਉਹ 5 ਜੁਲਾਈ ਨੂੰ ਭਾਰਤ ਆਏ ਸਨ, ਜਿੱਥੇ ਉਨ੍ਹਾਂ ਨੇ ਅਨੰਤ ਅੰਬਾਨੀ ਅਤੇ ਰਾਧਿਕਾ ਮਰਚੈਂਟ ਦੇ ਕੰਸਰਟ 'ਚ ਖ਼ੂਬ ਮਸਤੀ ਕੀਤੀ ਸੀ। ਜਸਟਿਨ ਨੇ ਉੱਥੇ ਮੌਜੂਦ ਲੋਕਾਂ ਨੂੰ ਆਪਣੀ ਸ਼ਾਨਦਾਰ



ਪਰਫਾਰਮੈਂਸ ਅਤੇ ਗੀਤਾਂ ਨਾਲ ਨੱਚਣ ਲਈ ਮਜਬੂਰ ਕਰ ਦਿੱਤਾ। ਉਨ੍ਹਾਂ ਦੀਆਂ ਪੇਸ਼ਕਾਰੀਆਂ ਦੀਆਂ ਕਈ ਵੀਡੀਓਜ਼ ਸੋਸ਼ਲ ਮੀਡੀਆ 'ਤੇ ਵਾਇਰਲ ਹੋਈਆਂ ਹਨ।

ਇਸ ਦੌਰਾਨ, ਜਸਟਿਨ ਬੀਬਰ ਨੇ ਖੁਦ ਆਪਣੇ ਇੰਸਟਾਗ੍ਰਾਮ 'ਤੇ ਆਪਣੀ ਭਾਰਤ ਦੌਰੇ ਅਤੇ ਅਨੰਤ-ਰਾਧਿਕਾ ਦੇ ਸੰਗੀਤ ਸਮਾਰੋਹ ਨੂੰ ਯਾਦ ਕਰਦੇ ਹੋਏ ਬਹੁਤ ਸਾਰੀਆਂ ਪੋਸਟਾਂ ਸ਼ੇਅਰ ਕੀਤੀਆਂ ਹਨ, ਜਿਨ੍ਹਾਂ ਵਿੱਚੋਂ ਇੱਕ ਵਿੱਚ ਉਹ ਅੰਬਾਨੀ ਪਰਿਵਾਰ ਨਾਲ ਪੋਜ਼ ਦਿੰਦੇ ਹੋਏ ਨਜ਼ਰ ਆ ਰਹੇ ਹਨ ਕੁਝ ਵੀਡੀਓਜ਼ 'ਚ ਉਹ ਆਪਣੇ ਦਮਦਾਰ





ਪ੍ਰਦਰਸ਼ਨ ਨੂੰ ਦਿਖਾਉਂਦੇ ਨਜ਼ਰ ਆ ਰਹੇ ਹਨ। ਉਨ੍ਹਾਂ ਦੀ ਇਸ ਪੋਸਟ ਨੂੰ ਕਾਫੀ ਪਸੰਦ ਕੀਤਾ ਜਾ ਰਿਹਾ ਹੈ।

## ਸ਼ਹੀਦ ਭਾਈ ਮਨੀ ਸਿੰਘ ਜੀ ਦੇ ਸ਼ਹੀਦੀ ਦਿਹਾੜੇ ਮੌਕੇ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਵਿਖੇ ਗੁਰਮਤਿ ਸਮਾਗਮ

ਅੰਮ੍ਰਿਤਸਰ, 8 ਜੁਲਾਈ (ਗਿਆਨ ਸਿੰਘ): ਸਿੱਖ ਕੌਮ ਦੇ ਮਹਾਨ ਸ਼ਹੀਦ ਭਾਈ ਮਨੀ ਸਿੰਘ ਜੀ ਦਾ ਸ਼ਹੀਦੀ ਦਿਹਾੜਾ ਅੱਜ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਗਿਆ। ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਤੇਜਿੰਦਰ ਸਿੰਘ ਦੇ ਜਥੇ ਨੇ ਗੁਰਬਾਣੀ ਕੀਰਤਨ ਕੀਤਾ। ਅਰਦਾਸ ਭਾਈ ਸਰਵਣ ਸਿੰਘ ਨੇ ਕੀਤੀ ਅਤੇ ਸੰਗਤ ਨੂੰ ਪਾਵਨ ਹੁਕਮ-ਨਾਮਾ ਸਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਬਲਜੀਤ ਸਿੰਘ ਨੇ ਸਰਵਣ ਕਰਵ-ਾਇਆ।

ਇਸ ਮੌਕੇ ਗਿਆਨੀ ਬਲਜੀਤ ਸਿੰਘ ਨੇ ਸੰਗਤ ਨਾਲ ਸ਼ਹੀਦ ਭਾਈ ਮਨੀ ਸਿੰਘ ਦੇ ਜੀਵਨ ਇਤਿਹਾਸ ਦੀ ਸਾਂਝ ਪਾਉਂਦਿਆਂ ਉਨ੍ਹਾਂ ਦੇ ਜੀਵਨ ਤੋਂ ਪ੍ਰੇਰਣਾ ਲੈਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਭਾਈ ਸਾਹਿਬ ਸਿੱਖ ਕੌਮ ਦੀ ਉਹ ਸ਼ਖ਼ਸੀਅਤ ਹਨ, ਜਿਨ੍ਹਾਂ ਦੇ ਪਰਿਵਾਰ ਵਿੱਚੋਂ ਕਈ ਸ਼ਹਾਦਤਾਂ ਹੋਈਆਂ। ਭਾਈ ਮਨੀ ਸਿੰਘ ਜੀ ਨੇ ਧਰਮ 'ਤੇ ਅਡੋਲ ਰਹਿੰਦਿਆਂ ਬੰਦ-ਬੰਦ ਕਟਵਾ ਕੇ ਸਿੱਖੀ ਸਿਦਕ ਦੀ ਮਿਸਾਲ ਕਾਇਮ ਕੀਤੀ। ਇਸ ਦੌਰਾਨ ਸਜਾਏ ਗਏ ਧਾਰਮਿਕ ਦੀਵਾਨ 'ਚ ਪ੍ਰਚਾਰਕ ਭਾਈ ਤਰਸੇਮ ਸਿੰਘ ਤੇ ਢਾਡੀ ਭਾਈ ਹਰਪ੍ਰੀਤ ਸਿੰਘ ਜੇਠੂਵਾਲ ਦੇ ਜਥੇ ਨੇ ਸੰਗਤ ਨੂੰ ਸ਼ਹੀਦ ਭਾਈ ਮਨੀ ਸਿੰਘ ਜੀ ਦੇ ਜੀਵਨ ਇਤਿਹਾਸ ਤੋਂ ਜਾਣੂ ਕਰਵਾਇਆ।

ਇਸ ਮੌਕੇ ਸ੍ਰੀ ਦਰਬਾਰ ਸਾਹਿਬ ਦੇ ਜਨਰਲ ਮੈਨੇਜਰ ਭਗਵੰਤ ਸਿੰਘ ਧੰਗੇੜਾ, ਸੁਪ੍ਰਿੰਟੈਂਡੈਂਟ ਨਿਸ਼ਾਨ ਸਿੰਘ ਤੇ ਮਲਕੀਤ ਸਿੰਘ ਬਹਿੜਵਾਲ, ਮੈਨੇਜਰ ਬਿਕਰਮਜੀਤ ਸਿੰਘ ਝੰਗੀ, ਯੁਵਰਾਜ ਸਿੰਘ ਅਤੇ ਸੰਗਤਾਂ ਹਾਜ਼ਰ ਸਨ।

## 2,70,000 ਰੁਪਏ ਰਿਸ਼ਵਤ ਲੈਣ ਦੇ ਦੋਸ਼ ਹੇਠ ਸਹਾਇਕ ਸਬ-ਇੰਸਪੈਕਟਰ ਵਿਜੀਲੈਂਸ ਬਿਊਰੋ ਵੱਲੋਂ ਗ੍ਰਿਫ਼ਤਾਰ

ਚੰਡੀਗੜ੍ਹ 8 ਜੁਲਾਈ (ਗਿਆਨ ਸਿੰਘ): ਪੰਜਾਬ ਵਿਜੀਲੈਂਸ ਬਿਊਰੋ ਨੇ ਪੁਲਿਸ਼ ਥਾਣਾ ਡਿਵੀਜ਼ਨ ਨੰ. 5 ਲੁਧਿਆਣਾ ਸਿਟੀ ਵਿਖੇ ਤਾਇਨਾਤ ਸਹਾਇਕ ਸਬ ਇੰਸਪੈਕਟਰ (ਏ.ਐਸ.ਆਈ.) ਚਰਨਜੀਤ ਸਿੰਘ ਨੂੰ 2,70,000 ਰੁਪਏ ਦੀ ਰਿਸ਼ਵਤ ਲੈਣ ਦੇ ਦੋਸ਼ ਹੇਠ ਗ੍ਰਿਫ਼ਤਾਰ ਕੀਤਾ ਹੈ। ਦੱਸਣਯੋਗ ਹੈ ਕਿ ਉਕਤ ਏ.ਐਸ.ਆਈ. ਨੇ ਉਸਦੇ ਖਿਲਾਫ਼ ਭ੍ਰਿਸ਼ਟਾਚਾਰ ਦਾ ਕੇਸ ਦਰਜ ਹੋਣ ਤੋਂ ਬਾਅਦ ਬਿਊਰੋ ਅੱਗੇ ਆਤਮ ਸਮਰਪਣ ਕੀਤਾ ਹੈ।



ਇਸ ਸਬੰਧੀ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਇਸ ਸਬੰਧ ਵਿੱਚ ਲੁਧਿਆਣਾ ਦੇ ਬੱਸ ਸਟੈਂਡ ਨੇੜੇ ਜਵਾਹਰ ਨਗਰ ਕੈਂਪ ਸਥਿਤ ਹੋਟਲ ਤਾਜ ਦੇ ਮਾਲਕ ਕਮਲਜੀਤ ਆਹੂਜਾ ਵੱਲੋਂ ਮੁੱਖ ਮੰਤਰੀ ਭ੍ਰਿਸ਼ਟਾਚਾਰ ਵਿਰੋਧੀ ਐਕਸ਼ਨ ਲਾਈਨ 'ਤੇ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ 'ਤੇ ਉਕਤ ਪੁਲਿਸ ਮੁਲਾਜ਼ਮ ਖ਼ਿਲਾਫ਼ ਪਹਿਲਾਂ ਹੀ ਕੇਸ ਦਰਜ ਹੈ।

ਉਨ੍ਹਾਂ ਦੱਸਿਆ ਕਿ ਸ਼ਿਕਾਇਤਕਰਤਾ ਨੇ ਆਪਣੀ ਸ਼ਿਕਾਇਤ ਵਿੱਚ ਦੋਸ਼ ਲਾਇਆ ਕਿ ਉਕਤ ਏ.ਐਸ.ਆਈ. ਉਸਦੇ ਪਰਿਵਾਰਕ ਮੈਂਬਰਾਂ ਵਿਰੁੱਧ ਡਵੀਜ਼ਨ ਨੰਬਰ 5 ਥਾਣੇ ਵਿੱਚ ਦਰਜ ਇੱਕ ਕੇਸ ਵਿੱਚ ਆਈ.ਪੀ.ਸੀ. ਦੀ ਧਾਰਾ 307, 379-ਬੀ ਜੋੜਨ ਦੀਆਂ ਧਮਕੀਆਂ ਦੇ ਕੇ ਉਸ ਤੋਂ ਪਹਿਲਾਂ ਹੀ 2,70,000 ਰੁਪਏ ਰਿਸ਼ਵਤ ਵਜੋਂ ਵਸੂਲ ਚੁੱਕਿਆ ਹੈ ਅਤੇ ਹੁਣ ਹੋਰ ਰਿਸ਼ਵਤ ਮੰਗ ਰਿਹਾ ਹੈ।

ਬੁਲਾਰੇ ਨੇ ਅੱਗੇ ਦੱਸਿਆ ਕਿ ਇਸ ਸ਼ਿਕਾਇਤ ਦੀ ਪੜਤਾਲ ਦੌਰਾਨ ਸ਼ਿਕਾਇਤਕਰਤਾ ਵੱਲੋਂ ਲਾਏ ਗਏ ਦੋਸ਼ ਸਹੀ ਪਾਏ ਗਏ, ਜਿਸ ਸਬੰਧੀ ਸ਼ਿਕਾਇਤਕਰਤਾ ਨੇ ਸਬੂਤ ਵਜੋਂ ਏ.ਐਸ.ਆਈ. ਚਰਨਜੀਤ ਸਿੰਘ ਅਤੇ ਉਸ (ਸ਼ਿਕਾਇਤਕਰਤਾ) ਦਰਮਿਆਨ ਹੋਈ ਗੱਲਬਾਤ ਦੀ ਰਿਕਾਰਡਿੰਗ ਵੀ ਪੇਸ਼ ਕੀਤੀ ਹੈ। ਮੁੱਢਲੀ ਜਾਂਚ ਦੌਰਾਨ ਇਹ ਗੱਲ ਸਾਬਤ ਹੋਈ ਕਿ ਏ.ਐਸ.ਆਈ. ਚਰਨਜੀਤ ਸਿੰਘ ਵੱਲੋਂ ਇਸ ਥਾਣੇ ਦੇ ਐਸ.ਐਚ.ਓ. ਦੇ ਨਾਂ 'ਤੇ 2,70,000 ਰੁਪਏ ਦੀ ਰਿਸ਼ਵਤ ਲਈ ਗਈ ਸੀ ਅਤੇ ਉਹ ਸ਼ਿਕ-ਾਇਤਕਰਤਾ ਨੂੰ ਬਿਨਾਂ ਕਿਸੇ ਪ੍ਰੇਸ਼ਾਨੀ ਦੇ ਉਸਦਾ ਹੋਟਲ ਚਲਾਉਣ ਬਦਲੇ 2 ਲੱਖ ਰੁਪਏ ਪ੍ਰਤੀ ਮਹੀਨਾ ਰਿਸ਼ਵਤ ਦੇਣ ਲਈ ਵੀ ਕਹਿ ਰਿਹਾ ਸੀ।

ਉਨ੍ਹਾਂ ਦੱਸਿਆ ਕਿ ਇਸ ਜਾਂਚ ਰਿਪੋਰਟ ਦੇ ਆਧਾਰ 'ਤੇ ਉਕਤ ਏ.ਐਸ.ਆਈ. ਚਰਨਜੀਤ ਸਿੰਘ ਖਿਲਾਫ਼ ਵਿਜੀਲੈਂਸ ਬਿਊਰੋ ਥਾਣਾ ਲੁਧਿਆਣਾ ਰੇਂਜ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਪਹਿਲਾਂ ਹੀ ਕੇਸ ਦਰਜ ਹੈ। ਬੁਲਾਰੇ ਨੇ ਦੱਸਿਆ ਕਿ ਜਾਂਚ ਦੌਰਾਨ ਇਸ ਕੇਸ ਵਿੱਚ ਉਕਤ ਐਸ.ਐਚ.ਓ. ਅਤੇ ਹੋਰ ਮੁਲਾਜ਼ਮਾਂ ਦੀ ਭੂਮਿਕਾ ਦੀ ਜਾਂਚ ਕੀਤੀ ਜਾਵੇਗੀ।

## ਪੰਚਾਇਤੀ ਫੰਡਾਂ 'ਚ ਘਪਲਾ ਕਰਨ ਦੇ ਦੋਸ਼ 'ਚ ਪੰਚਾਇਤ ਸਕੱਤਰ ਤੇ ਸਾਬਕਾ ਸਰਪੰਚ ਵਿਜੀਲੈਂਸ ਬਿਊਰੋ ਵੱਲੋਂ ਗ੍ਰਿਫ਼ਤਾਰ



ਚੰਡੀਗੜ੍ਹ 8 ਜੁਲਾਈ (ਪੋਸਟ ਬਿਊਰੋ): ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚੱਲ ਰਹੀ ਮੁਹਿੰਮ ਦੌਰਾਨ ਵਿਕਾਸ ਕਾਰਜਾਂ ਲਈ ਸੂਬਾ ਸਰਕਾਰ ਤੋਂ ਪ੍ਰਾਪਤ ਪੰਚਾਇਤੀ ਫੰਡਾਂ ਦੀ ਦੁਰਵਰਤੋਂ ਕਰਨ ਦੇ ਦੋਸ਼ ਹੇਠ ਅੱਜ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਪਿੰਡ ਸੋਨਾ ਦੇ ਵਸਨੀਕ ਪੰਚਾਇਤ ਸਕੱਤਰ ਮੁਖਤਿਆਰ ਸਿੰਘ ਅਤੇ ਪਿੰਡ ਹਿਆਲਾ ਦੀ ਸਾਬਕਾ ਸਰਪੰਚ ਹਰਭਜਨ ਕੌਰ ਨੂੰ ਗ੍ਰਿਫ਼ਤਾਰ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਗ੍ਰਾਮ ਪੰਚਾਇਤ ਹਿਆਲਾ ਵੱਲੋਂ ਆਈਆਂ ਗ੍ਰਾਂਟਾਂ ਵਿੱਚ ਘਪਲਾ ਕਰਨ ਸਬੰਧੀ ਕੀਤੀ ਪੜਤਾਲ ਦੇ ਆਧਾਰ 'ਤੇ ਉਕਤ ਦੋਵਾਂ ਮੁਲਜ਼ਮਾਂ ਅਤੇ ਹੋਰਨਾਂ ਖ਼ਲਾਫ਼ ਕੇਸ ਦਰਜ ਕੀਤਾ ਗਿਆ ਹੈ।

ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਉਨ੍ਹਾਂ ਦੱਸਿਆ ਕਿ ਸ਼ਿਕਾਇਤ ਨੰਬਰ 13/2017/ਐਸ.ਬੀ.ਐਸ.ਨਗਰ ਦੀ ਪੜਤਾਲ ਦੌਰਾਨ ਪਾਇਆ ਗਿਆ ਕਿ ਪਿੰਡ ਵਿੱਚ ਵਿਕਾਸ ਕਾਰਜਾਂ ਲਈ ਸਾਲ 2008 ਤੋਂ ਸਾਲ 2013 ਤੱਕ ਗ੍ਰਾਮ ਪੰਚਾਇਤ ਹਿਆਲਾ ਨੂੰ ਕੁੱਲ 16,45,000 ਰੁਪਏ ਦੀਆਂ ਕੁੱਲ 9 ਗ੍ਰਾਂਟਾਂ ਪ੍ਰਾਪਤ ਹੋਈਆਂ ਸਨ। ਇਸ ਸਬੰਧੀ ਤਤਕਾਲੀ ਸਰਪੰਚ ਸੁਰਜੀਤ ਸਿੰਘ, ਕਾਰਜਕਾਰੀ ਸਰਪੰਚ/ਮੈਂਬਰ ਪੰਚਾਇਤ ਬਖਸ਼ੀਸ਼ ਰਾਮ (ਜਿਸ ਦੀ 22.09.2021 ਨੂੰ ਮੌਤ ਹੋ ਚੁੱਕੀ ਹੈ), ਕਾਰਜਕਾਰੀ ਸਰਪੰਚ/ਮੈਂਬਰ ਪੰਚਾਇਤ ਹਰਭਜਨ ਕੌਰ ਅਤੇ ਪੰਚਾਇਤ ਸਕੱਤਰ ਮੁਖਤਿਆਰ ਸਿੰਘ ਨੇ ਇਨ੍ਹਾਂ ਗ੍ਰਾਂਟਾਂ ਵਿੱਚੋਂ ਮਜ਼ਦੂਰਾਂ ਨੂੰ ਅਦਾਇਗੀ ਲਈ ਜਾਅਲੀ ਬਿੱਲ/ਰਸੀਦਾਂ ਅਤੇ ਅਧੂਰੀਆਂ ਮਸਟਰ ਰੋਲ ਜਮਹਾਂ ਕਰਵਾ ਕੇ ਉਕਤ ਗਰਾਂਟਾਂ ਵਿੱਚ ਬੇਨਿਯਮੀਆਂ ਕੀਤੀਆਂ ਸਨ।

ਉਨ੍ਹਾਂ ਦੱਸਿਆ ਕਿ ਪੜਤਾਲ ਦੇ ਆਧਾਰ 'ਤੇ ਉਕਤ ਮੁਲਜ਼ਮਾਂ ਅਤੇ ਹੋਰਾਂ ਖ਼ਲਾਫ਼ ਵਿਜੀਲੈਂਸ ਬਿਊਰੋ ਥਾਣਾ ਜਲੰਧਰ ਰੇਂਜ ਵਿਖੇ ਮਿਤੀ 08.07.2024 ਨੂੰ ਆਈ.ਪੀ.ਸੀ. ਦੀਆਂ ਧਾਰਾਵਾਂ 420, 406, 409, 465, 467, 468, 471, 120-ਬੀ ਅਤੇ 13(1)(ਏ) ਤੇ 13(2) ਦੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਕੇਸ ਦਰਜ ਕਰ ਲਿਆ ਗਿਆ ਹੈ। ਉਕਤ ਦੋਵੇਂ ਮੁਲਜ਼ਮਾਂ ਨੂੰ ਭਲਕੇ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ ਅਤੇ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroverCPA Professional Corporation
214-7895 Tranmere Drive, Mississauga ON L5S 1V9

Allseas Fisheries Inc. is Hiring!
DZ licensed delivery drivers needed.
Pay is $24/hour. Full time, permanent
Should work any day of the week, including weekends.
If interested, please forward resume to rgidda@allseas.net

ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com

ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਏ
Super Visa
How your spouse can join you within 4-6 months
How your parents can join you
How students & skilled people can come to Canada
How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
ICCRC
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

SherGill Law Firm
Barrister, Solicitor & Notary Public
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
Paramjit Singh Gill
(MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact:
416.910.5676
www.shergilllawfirm.ca

# ਪੰਜਾਬ ਪੁਲਿਸ ਵੱਲੋਂ ਅੰਤਰਰਾਜੀ ਸੰਗਠਿਤ ਅਪਰਾਧ ਸਿੰਡੀਕੇਟ ਦਾ ਪਰਦਾਫਾਸ਼; ਸਰਗਨੇ ਸਮੇਤ ਪੰਜ ਦੋਸ਼ੀ ਦੋ ਪਿਸਤੌਲਾਂ ਸਣੇ ਕਾਬੂ

## ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਸੁੱਖਾ ਪਿਸਤੌਲ ਅਤੇ ਉਸਦੇ ਸਾਥੀਆਂ ਦੀ ਗ੍ਰਿਫਤਾਰੀ ਨਾਲ ਸੰਭਾਵੀ ਗੈਂਗਵਾਰ ਨੂੰ ਟਾਲਿਆ : ਡੀਜੀਪੀ ਗੌਰਵ ਯਾਦਵ

ਚੰਡੀਗੜ੍ਹ, 8 ਜੁਲਾਈ (ਪੋਸਟ ਬਿਊਰੋ): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਜਾਰੀ ਮੁਹਿੰਮ ਦੌਰਾਨ ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਖਰੜ ਦੇ ਇੱਕ ਫਲੈਟ ਤੋਂ ਇੱਕ ਅੰਤਰਰਾਜੀ ਸੰਗਠਿਤ ਅਪਰਾਧ ਸਿੰਡੀਕੇਟ ਦੇ ਸਰਗਨੇ ਨੂੰ ਉਸਦੇ ਚਾਰ ਸਾਥੀਆਂ ਸਮੇਤ ਗ੍ਰਿਫਤਾਰ ਕੀਤਾ ਹੈ।

ਪੰਜਾਬ ਦੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਗੌਰਵ ਯਾਦਵ ਨੇ ਅੱਜ ਇੱਥੇ ਇਹ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਿੰਡੀਕੇਟ ਦੇ ਸਰਗਨੇ ਦੀ ਪਛਾਣ ਅੰਮ੍ਰਿਤਸਰ ਦੇ ਪ੍ਰੇਮ ਨਗਰ ਦੇ ਰਹਿਣ ਵਾਲੇ ਜੈ ਸ਼ਰਮਾ ਉਰਫ ਸੁੱਖਾ ਪਿਸਤੌਲ ਅੰਬਰਸਰੀਆ ਵਜੋਂ ਹੋਈ ਹੈ, ਜਦਕਿ ਚਾਰ ਮੈਂਬਰਾਂ ਦੀ ਪਛਾਣ ਅੰਮ੍ਰਿਤਸਰ ਦੀ ਸੰਧੂ ਕਾਲੋਨੀ ਦੇ ਨਿਖਿਲ ਸ਼ਰਮਾ ਉਰਫ ਲਾਲਾ, ਅੰਮ੍ਰਿਤਸਰ ਦੇ ਕੋਟ ਖਾਲਸਾ ਦੇ ਮੋਨੀ, ਅਰਪਿਤ ਠਾਕੁਰ ਅਤੇ ਕਰਨ ਸ਼ਰਮਾ ਦੋਵੇਂ ਵਾਸੀ ਹਿਮਾਚਲ ਪ੍ਰਦੇਸ਼, ਜ਼ਿਲ੍ਹਾ ਬਿਲਾਸਪੁਰ ਸ੍ਰੀ ਨੈਣਾ ਦੇਵੀ, ਵਜੋਂ ਹੋਈ ਹੈ। ਦੋਸ਼ੀ ਸੁੱਖਾ ਪਿਸਤੌਲ ਦਾ ਪੁਰਾਣਾ ਅਪਰਾਧਿਕ ਰਿਕਾਰਡ ਹੈ ਜਿਸ ਦੇ ਖਿਲਾਫ ਅਸਲਾ ਐਕਟ, ਲੁੱਟ-ਖੋਹ ਅਤੇ ਚੋਰੀ ਦੇ ਸੱਤ ਮਾਮਲੇ ਦਰਜ ਹਨ।

ਪੁਲਿਸ ਟੀਮਾਂ ਨੇ ਇਨ੍ਹਾਂ ਦੇ ਕਬਜ਼ੇ 'ਚੋਂ ਦੋ .32 ਬੋਰ ਦੇ ਪਿਸਤੌਲ ਸਮੇਤ ਤਿੰਨ ਮੈਗਜ਼ੀਨ ਅਤੇ ਅੱਠ ਜਿੰਦਾ ਕਾਰਤੂਸ ਵੀ ਬਰਾਮਦ ਕੀਤੇ ਹਨ।

ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਮੁਲਜ਼ਮ ਸੁੱਖਾ ਪਿਸਤੌਲ ਵੱਲੋਂ ਆਪਣੇ ਸਾਥੀਆਂ ਸਮੇਤ ਮੱਧ ਪ੍ਰਦੇਸ਼ ਦੇ ਖੰਡਵਾ ਵਿਖੇ ਨਜਾਇਜ਼ ਹਥਿਆਰਾਂ ਦੀ ਖਰੀਦੋ-ਫਰੋਖਤ ਕਰਨ ਜਾਣ ਸਬੰਧੀ ਮਿਲੀ ਭਰੋਸੇਯੋਗ ਸੂਚਨਾ ਤੋਂ ਬਾਅਦ ਥਾਣਾ ਸਿਵਲ ਲਾਈਨ ਅੰਮ੍ਰਿਤਸਰ ਦੀਆਂ ਟੀਮਾਂ ਨੇ ਉਨ੍ਹਾਂ ਦੀਆਂ ਗਤੀਵਿਧੀਆਂ 'ਤੇ ਨਜ਼ਰ ਰੱਖਣੀ ਸ਼ੁਰੂ ਕਰ ਦਿੱਤੀ। ਉਨ੍ਹਾਂ ਕਿਹਾ ਕਿ ਮੱਧ ਪ੍ਰਦੇਸ਼ ਤੋਂ ਵਾਪਸ ਆਉਣ 'ਤੇ ਪੁਲਿਸ ਟੀਮਾਂ ਨੇ ਖਰੜ ਵਿੱਚ ਉਨ੍ਹਾਂ ਦੇ ਟਿਕਾਣੇ ਦਾ ਪਤਾ ਲਗਾ ਲਿਆ।

ਡੀਜੀਪੀ ਨੇ ਕਿਹਾ, ÷ਇਸ 'ਤੇ ਤੇਜ਼ੀ ਨਾਲ ਕਾਰਵਾਈ ਕਰਦਿਆਂ, ਏਡੀਸੀਪੀ ਸਿਟੀ-2 ਅਭਿਮਨਿਊ ਰਾਣਾ ਦੀ ਨਿਗਰਾਨੀ ਹੇਠ ਪੁਲਿਸ






ਟੀਮਾਂ ਨੇ ਇੱਕ ਫਲੈਟ 'ਤੇ ਛਾਪੇਮਾਰੀ ਕੀਤੀ ਅਤੇ ਸਾਰੇ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਦੇ ਕਬਜ਼ੇ ਵਿੱਚੋਂ ਦੋ ਪਿਸਤੌਲਾਂ ਸਮੇਤ ਅਸਲਾ ਬਰਾਮਦ ਕਰ ਲਿਆ।

ਉਨ੍ਹਾਂ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਮੁਲਜ਼ਮ ਵਿਰੋਧੀ ਗਰੋਹ ਦੇ ਮੈਂਬਰਾਂ 'ਤੇ ਹਮਲਾ ਕਰਨ ਦੀ ਯੋਜਨਾ ਬਣਾ ਰਹੇ ਸਨ। ਉਨ੍ਹਾਂ ਕਿਹਾ ਕਿ ਮੁਲਜ਼ਮਾਂ 'ਤੇ ਭਾਰਤੀ ਨਿਆਂ ਸੰਹਿਤਾ (ਬੀਐਨਐਸ) ਦੀ ਨਵੀਂ ਸ਼ਾਮਲ ਕੀਤੀ ਧਾਰਾ 111 (ਸੰਗਠਿਤ ਅਪਰਾਧ) ਤਹਿਤ ਮਾਮਲਾ ਦਰਜ ਕੀਤਾ ਗਿਆ ਹੈ।

ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਪੁਲਿਸ ਕਮਿਸ਼ਨਰ ਅੰਮ੍ਰਿਤਸਰ ਰਣਜੀਤ ਸਿੰਘ ਢਿੱਲੋਂ ਨੇ ਦੱਸਿਆ ਕਿ ਇਹ ਅਪਰਾਧਿਕ ਗਰੋਹ ਚੋਰੀ, ਲੁੱਟ-ਖੋਹ ਅਤੇ ਹਥਿਆਰਾਂ ਦੀ ਤਸਕਰੀ ਸਮੇਤ ਅਪਰਾਧਿਕ ਵਾਰਦਾਤਾਂ ਵਿੱਚ ਸ਼ਾਮਲ ਸੀ।

ਉਨ੍ਹਾਂ ਕਿਹਾ ਕਿ ਇਸ ਮੋਡਿਊਲ ਦੇ ਅਗਲੇ-ਪਿਛਲੇ ਸਬੰਧਾਂ ਦਾ ਪਤਾ ਲਗਾਉਣ ਅਤੇ ਐਮਪੀ-ਅਧਾਰਤ ਹਥਿਆਰਾਂ ਦੇ ਤਸਕਰਾਂ ਦੀ ਪਛਾਣ ਕਰਨ ਲਈ ਅਗਲੇਰੀ ਜਾਂਚ ਜਾਰੀ ਹੈ। ਉਨ੍ਹਾਂ ਕਿਹਾ ਕਿ ਹੋਰ ਗ੍ਰਿਫਤਾਰੀਆਂ ਅਤੇ ਬਰਾਮਦਗੀ ਦੀ ਉਮੀਦ ਹੈ।

ਇਸ ਸਬੰਧੀ ਥਾਣਾ ਸਿਵਲ ਲਾਈਨ, ਅੰਮ੍ਰਿਤਸਰ ਵਿਖੇ ਐਫਆਈਆਰ ਨੰ. 118 ਮਿਤੀ 07/07/2024 ਨੂੰ ਬੀ.ਐਨ.ਐਸ. ਦੀ ਧਾਰਾ 111 ਅਤੇ ਅਸਲਾ ਐਕਟ ਦੀ ਧਾਰਾ 25(7) ਤਹਿਤ ਕੇਸ ਦਰਜ ਕੀਤਾ ਗਿਆ ਹੈ।




ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post

# CLASSIFIEDS

Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

## ਲੜਕੀ ਦੀ ਲੋੜ

Well settled Ramgarhia Family living in Winnipeg from 16 years looking for a suitable match for their son 33-year-old,5-10 Tall, clean shaved, Active in Real Estate Business and financing Business Manitoba and Ontario.
Contact number-204-510-7658 and 519-917-5055.
7Feb

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com







## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013




**Allseas Fisheries Inc. is Hiring!**
**DZ licensed delivery drivers needed.**
Pay is $24/hour. Full time, permanent
Should work any day of the week, including weekends.
If interested, please forward resume to **rgidda@allseas.net**

## ਲੜਕੇ ਦੀ ਲੋੜ

ਜੱਟ ਸਿੱਖ ਸਿੱਧੂ ਪਰਿਵਾਰ ਦੀ ਲੜਕੀ, 28 ਸਾਲ, 5'6", ਕੇਨੈਡਾ ਵਿੱਚ ਵਿਜਟਰ ਵੀਜ਼ੇ 'ਤੇ ਰਹਿ ਰਹੀ ਲੜਕੀ ਲਈ ਕੈਨੇਡੀਅਨ ਸਿਟੀਜਨ/ਪੀ.ਆਰ. ਜੱਟ ਸਿੱਖ ਲੜਕੇ ਦੀ ਜ਼ਰੂਰਤ। ਸੰਪਰਕ: 647-203-7573

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com




## ਲੜਕੇ ਦੀ ਲੋੜ

ਗਿੱਲ ਜੱਟ ਸਿੱਖ, 1992, ਇਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4", ਬੀ.ਏ ਪਾਸ, ਹੇਅਰ ਐਡ ਸਕਿੰਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ 'ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300


ਜੱਟ ਸਿਖ ਗਿਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

**ਸੈਲ ਐਡ ਫਿਕਸ**



ਟ੍ਰਕ ਡਰਾਇਵਰਾਂ ਤੇ ਸਟੂਡੈਂਟਾਂ ਲਈ ਧਮਾਕੇਦਾਰ ਤੇ ਸਸਤੇ ਫੋਨ ਪਲੈਨ।
ਫੋਨ: 905-790-9999
2565 Steeles Ave E unit 3, Brampton, ON L6T 4L6

# ਸਥਾਨਕ ਸਰਕਾਰਾਂ ਦੀ ਹੋਂਦ ਨੂੰ ਖ਼ਤਰਾ ਚਿੰਤਾਜਨਕ



-ਗੁਰਮੀਤ ਸਿੰਘ ਪਲਾਹੀ

ਪੰਜਾਬ 'ਚ ਲੋਕਾਂ ਵਲੋਂ ਪਿੰਡ ਪੰਚਾਇਤਾਂ, ਬਲਾਕ ਸੰਮਤੀਆਂ, ਜ਼ਿਲਾ ਪ੍ਰੀਸ਼ਦਾਂ ਦੀਆਂ ਚੋਣਾਂ ਲਈ ਤਾਰੀਖ ਉਡੀਕੀ ਜਾ ਰਹੀ ਹੈ। ਇਹਨਾ ਦੀ ਪੰਜ ਸਾਲ ਦੀ ਮਿਆਦ ਪੂਰੀ ਹੋ ਚੁੱਕੀ ਹੈ। ਪਿੰਡਾਂ 'ਚ ਸਥਾਨਕ ਸਰਕਾਰ ਕਹਾਉਂਦੀਆਂ ਪੰਚਾਇਤਾਂ ਦੀ ਇਸ ਸਮੇਂ ਅਣਹੋਂਦ ਕਾਰਨ ਵਿਕਾਸ ਕਾਰਜ ਠੱਪ ਪਏ ਹਨ, ਪੇਂਡੂ ਆਮਦਨ ਦਾ ਮੁੱਖ ਸਰੋਤ ਪੰਚ-ਾਇਤ ਜ਼ਮੀਨਾਂ ਦੇ ਠੇਕੇ ਸਿਰੇ ਨਾ ਚੜ੍ਹਨ ਕਾਰਨ ਪਹਿਲਾਂ ਹੀ ਵਿੱਤੀ ਤੌਰ 'ਤੇ ਕੰਮਜ਼ੋਰ ਪੰਚਾਇਤਾਂ ਦੀ ਆਮਦਨ ਸੁੰਗੜ ਗਈ ਹੈ। ਸਫ਼ਾਈ ਪ੍ਰਬੰਧ ਤੇ ਬੁਨਿਆਦੀ ਢਾਂਚੇ ਦੀ ਸੰਭਾਲ ਚਰਮਰਾ ਗਈ ਹੈ। ਲੋਕਾਂ ਦੇ ਆਪਣੇ ਰੋਜ਼ਾਨਾ ਕੰਮਾਂ ਲਈ ਤਸਦੀਕ ਕਰਾਉਣ ਦੇ ਕੰਮ 'ਚ ਵਿਘਨ ਪੈ ਰਿਹਾ ਹੈ।

ਬਾਵਜੂਦ ਇਸ ਗੱਲ ਦੇ ਕਿ ਪਿੰਡ ਪੰਚਾਇਤਾਂ ਦੇ ਲਗਭਗ ਸਮੁੱਚੇ ਅਧਿਕਾਰ ਪੰਚਾਇਤ ਅਧਿਕਾਰੀਆਂ, ਸਥਾਨਕ ਵਿਧਾਇਕਾਂ, ਕਰਮਚਾਰੀਆਂ ਨੇ ਆਪਣੇ ਹੱਥ ਕਰਕੇ ਪੰਚਾਇਤਾਂ ਬਲਾਕ ਸੰਮਤੀਆਂ, ਜ਼ਿਲਾ ਪ੍ਰੀਸ਼ਦਾਂ ਨੂੰ ਪੰਗੂ ਬਣਾ ਦਿੱਤਾ ਹੋਇਆ ਹੈ, ਫਿਰ ਵੀ ਲੋਕ ਸਥਾਨਕ ਸਰਕਾਰ ਭਾਵ ਪੰਚਾਇਤ ਦੀ ਲੋੜ ਮਹਿਸੂਸ ਕਰਦੇ ਹਨ, ਕਿਉਂਕਿ ਪੰਚਾਇਤਾਂ ਮਾਨਸਿਕ ਤੌਰ 'ਤੇ ਉਹਨਾ ਦੇ ਦਿਲੋ-ਦਿਮਾਗ ਨਾਲ ਜੁੜੀਆਂ ਹੋਈਆਂ ਹਨ 'ਤੇ ਉਹ ਕਿਸੇ ਵੀ ਮੁਸੀਬਤ ਵੇਲੇ ਇਸ ਤੋਂ ਆਸਰਾ ਭਾਲਦੇ ਹਨ।

ਪੰਜਾਬ 'ਚ ਸ਼ਹਿਰੀ ਸੰਸਥਾਵਾਂ ਨਗਰ ਕਾਰਪੋਰੇਸ਼ਨਾਂ ਮਿਆਦ ਪੁਗਣ ਉਪਰੰਤ ਚੋਣਾਂ ਉਡੀਕ ਰਹੀਆਂ ਹਨ ਤੇ ਇਹਨਾ ਸ਼ਹਿਰਾਂ ਜਲੰਧਰ, ਫਗਵਾੜਾ, ਪਟਿਆਲਾ, ਲੁਧਿਆਣਾ, ਅੰਮ੍ਰਿਤਸਰ ਦੇ ਵਿਕਾਸ ਕਾਰਜ ਵੀ ਸਰਕਾਰੀ ਅਫ਼ਸਰਾਂ ਦੇ ਰਹਿਮੋ-ਕਰਮ 'ਤੇ ਹਨ।

ਦੇਸ਼ ਦੇ ਲੋਕਤੰਤਰੀ ਢਾਂਚੇ ਵਿੱਚ ਸਥਾਨਕ ਸਰਕਾਰਾਂ ਦਾ ਰੋਲ ਅਤੇ ਮਹੱਤਵ ਕਿਸੇ ਸਮੇਂ ਵੱਡਾ ਗਿਣਿਆ ਜਾਂਦਾ ਸੀ। ਸਿਆਸੀ ਧਿਰਾਂ ਤੇ ਹਾਕਮ, ਆਮ ਲੋਕਾਂ ਦੇ ਸਥਾਨਕ ਨੁਮਾਇੰਦਿਆਂ ਨੂੰ ਸਿਰ ਅੱਖਾਂ 'ਤੇ ਬਿਠਾਇਆ ਕਰਦੇ ਸਨ, ਉਹਨਾ ਦੇ ਵਿਚਾਰਾਂ ਦੀ ਕਦਰ ਕਰਿਆ ਕਰਦੇ ਸਨ ਅਤੇ ਨੀਤੀਗਤ ਫ਼ੈਸਲਿਆਂ 'ਚ ਉਹਨਾ ਦਾ ਵੱਡਾ ਹਿੱਸਾ ਹੋਇਆ ਕਰਦਾ ਸੀ।

ਦੇਸ਼ 'ਚ ਵੋਟ ਰਾਜਨੀਤੀ ਨੇ ਜਿਵੇਂ-ਜਿਵੇਂ ਤਾਕਤ ਦਾ ਕੇਂਦਰੀਕਰਨ ਕਰਕੇ ਤਾਕਤਾਂ ਕੁਝ ਹੱਥਾਂ 'ਚ ਸਮੇਟ ਦਿੱਤੀਆਂ, ਤਿਵੇਂ ਤਿਵੇਂ ਪਹਿਲਾਂ ਰਾਜਾਂ ਦੇ ਅਧਿਕਾਰਾਂ ਨੂੰ ਛਾਂਗਿਆ ਗਿਆ ਅਤੇ ਫਿਰ ਸਥਾਨਕ ਸਰਕਾਰਾਂ ਭਾਵ ਮਿਊਂਸਪਲ ਕਾਰਪੋਰੇਸ਼ਨਾਂ, ਮਿਊਂਸਪਲ ਕੌਂਸਲਾਂ, ਕਮੇਟੀਆਂ, ਪੰਚਾਇਤਾਂ, ਪੰਚ-ਾਇਤ ਸੰਮਤੀਆਂ ਅਤੇ ਜ਼ਿਲਾ ਪ੍ਰੀਸ਼ਦਾਂ ਦੇ ਅਧਿਕਾਰਾਂ ਨੂੰ ਹਥਿਆ ਲਿਆ ਗਿਆ।

ਅੱਜ ਦੇਸ਼ ਦੇ ਬਹੁਤੇ ਸੂਬਿਆਂ 'ਚ ਸਥਾਨਕ ਸਰਕਾਰਾਂ ਦੇ ਹਾਲਾਤ ਤਰਸਯੋਗ ਬਣੇ ਹੋਏ ਹਨ। ਇਹ ਹਾਲਤ ਬਨਾਉਣ ਲਈ ਜ਼ੁੰਮੇਵਾਰ ਹਨ, ਸੰਸਦ ਮੈਂਬਰ ਅਤੇ ਵਿਧਾਇਕ, ਜਿਹਨਾ ਨੇ ਪੰਚਾਇਤਾਂ ਨੂੰ ਆਪਣੇ ਸਿਆਸੀ ਮੰਤਵ ਲਈ ਵਰਤਿਆ, ਉਹਨਾ ਦੇ ਵਧੇਰੇ ਅਧਿਕਾਰ ਸਰਕਾਰੀ ਅਧਿਕਾਰੀਆਂ ਰਾਹੀਂ ਆਪਣੀ ਮੁੱਠੀ 'ਚ ਕਰ ਲਏ।

ਸਾਲ 1992 'ਚ ਸੰਵਿਧਾਨ 'ਚ 73ਵੀਂ ਸੋਧ ਕਰਦਿਆਂ ਪਿੰਡ ਪੰਚਾਇਤਾਂ ਨੂੰ ਸਥਾਨਕ ਸਰਕਾਰਾਂ ਮੰਨਦਿਆਂ, ਸਰਕਾਰੀ ਮਹਿਕਮਿਆਂ ਦੇ ਕੰਮਕਾਰ ਨੂੰ ਚੈੱਕ ਕਰਨ, ਆਦਿ ਦੇ ਅਧਿਕਾਰ ਤਾਂ ਦਿੱਤੇ ਹੀ, ਗ੍ਰਾਮ ਸਭਾ ਦੀ ਸਥਾਪਨਾ ਸਮੇਤ ਤਿੰਨ ਟਾਇਰੀ ਪੰਚਾਇਤ ਸੰਸਥਾਵਾਂ ਦੀ ਵਿਵਸਥਾ ਵੀ ਕਰ ਦਿੱਤੀ ਤਾਂ ਕਿ ਸਥਾਨਕ ਸਰਕਾਰਾਂ ਭਾਵ ਪੰਚਾਇਤਾਂ, ਪੰਚਾਇਤ ਸੰਮਤੀਆਂ ਅਤੇ ਜ਼ਿਲਾ ਪ੍ਰੀਸ਼ਦਾਂ ਰਾਹੀ ਕੰਮ ਕਾਰ ਕਰਨ ਲਗਭਗ 29 ਮਹਿਕਮੇ ਵੀ ਇਹਨਾ ਪੰਚਾਇਤੀ ਸੰਸਥਾਵਾਂ ਦੇ ਅਧੀਨ ਕਰ ਦਿੱਤੇ ਅਤੇ ਇਹ ਵੀ ਤਹਿ ਹੋਇਆ ਕਿ ਪੰਚਾਇਤ ਸੰਸਥਾਵਾਂ ਦੀਆਂ ਚੋਣਾਂ ਵਿਧਾਨ ਸਭਾਵਾਂ ਦੀਆਂ ਚੋਣਾਂ ਵਾਂਗਰ ਹਰ ਪੰਜ ਵਰ੍ਹਿਆਂ ਬਾਅਦ ਕਰਵਾਈਆਂ ਜਾਣ।

ਇਸ ਤਰ੍ਹਾਂ ਕਰਨ ਨਾਲ ਸਥਾਨਕ ਸਰਕਾਰਾਂ ਭਾਵ ਪੰਚਾਇਤ ਸੰਸਥਾਵਾਂ ਦਾ ਸੰਵਿਧਾਨਿਕ ਅਧਾਰ ਬਣ ਗਿਆ। ਇਸ ਅਧੀਨ ਸਥਾਨਿਕ ਸਰਕਾਰਾਂ ਵਿੱਚ ਔਰਤਾਂ, ਅਨੁਸੂਚਿਤ ਜਾਤੀਆਂ ਲਈ ਰਾਖਵਾਂਕਰਨ ਕਰ ਦਿੱਤਾ ਗਿਆ। ਕਰਨਾਟਕ, ਆਂਧਰਾ ਪ੍ਰਦੇਸ਼, ਪੰਜਾਬ



ਆਦਿ ਦੇਸ਼ ਦੇ ਕਈ ਸੂਬਿਆਂ ਨੇ ਇਸ ਸੋਧ ਨੂੰ ਪ੍ਰਵਾਨ ਕਰਦਿਆਂ ਇਸ ਸੋਧ 'ਤੇ ਅਮਲ ਸ਼ੁਰੂ ਕੀਤਾ। ਪਰ ਇਹ ਅਮਲ ਅਸਲ ਅਰਥਾਂ (ਘੱਟੋ-ਘੱਟ ) 'ਚ ਪੰਜਾਬ ਚ ਅੱਜ ਕਾਗਜੀ ਵੱਧ ਪਰ ਜ਼ਮੀਨੀ ਪੱਧਰ ਉਤੇ ਘੱਟ ਜਾਪਦਾ ਹੈ। ਇਸ ਪੰਚਾਇਤੀ ਐਕਟ ਸੋਧ ਦੇ ਪਾਸ ਹੁੰਦਿਆਂ, ਗ੍ਰਾਮ ਸਭਾ (ਭਾਵ ਪਿੰਡ ਦਾ ਹਰ ਵੋਟਰ ਇਸਦਾ ਮੈਂਬਰ ਗਿਣਿਆ ਜਾਂਦਾ ਹੈ) ਨੂੰ ਦਿੱਤੇ ਅਧਿਕਾਰਾਂ ਨਾਲ ਪਿੰਡ ਪੰਚਾਇਤਾਂ ਦਾ ਰੁਤਬਾ ਵੀ ਵਧਿਆ, ਕਿਉਂਕਿ ਗ੍ਰਾਮ ਸਭਾ ਵਿਚੋਂ ਹੀ ਪਿੰਡ ਪੰਚਾਇਤ ਚੁਣੀ ਜਾਂਦੀ ਹੈ ਪਰ ਸਮਾਂ ਰਹਿੰਦਿਆਂ ਜਦੋਂ ਪੰਚਾਇਤਾਂ, ਬਲਾਕ ਸੰਮਤੀਆਂ, ਜ਼ਿਲਾ ਪਰੀਸਦਾਂ ਨੇ ਆਪਣੇ ਤੌਰ 'ਤੇ ਕੰਮ ਕਰਨਾ ਸ਼ੁਰੂ ਕੀਤਾ ਤਾਂ ਉਹ ਸਿਆਸਤਦਾਨਾਂ, ਵਿਧਾਇਕਾਂ, ਇਥੋਂ ਤੱਕ ਕਿ ਸਰਕਾਰੀ ਕਾਰਕੁੰਨਾ, ਅਫ਼ਸਰਸ਼ਾਹੀ, ਨੌਕਰਸ਼ਾਹੀ ਨੂੰ ਰਾਸ ਨਹੀਂ ਆਇਆ। ਇਹਨਾ ਸੰਸਥਾਵਾਂ ਨੂੰ ਨੱਥ ਪਾਉਣ ਲਈ ਸਥਾਨਕ ਸਰਕਾਰ ਦੀ ਮੁਢਲੀ ਇਕਾਈ ਗ੍ਰਾਮ ਪੰਚਾਇਤ ਦੇ ਕੰਮਾਂ 'ਚ ਸਿੱਧਾ ਦਖ਼ਲ ਦੇ ਕੇ ਸਰਕਾਰਾਂ ਵਲੋਂ ਸਰਪੰਚਾਂ ਦਾ ਹਰ ਅਧਿਕਾਰ ਹਥਿਆ ਲਿਆ ਗਿਆ।

ਸਥਾਨਕ ਸਰਕਾਰਾਂ ਬਨਾਉਣ ਅਤੇ ਚਲਾਉਣ ਦਾ ਮੁੱਖ ਉਦੇਸ਼ ਅਸਲ ਅਰਥਾਂ ਵਿੱਚ ਲੋਕ ਨੁਮਾਇੰਦਗੀ ਅਤੇ ਪ੍ਰਸ਼ਾਸ਼ਨ ਵਿੱਚ ਲੋਕਾਂ ਦੀ ਹਿੱਸੇਦਾਰੀ ਤਹਿ ਕਰਨਾ ਸੀ। ਇਸ ਦਾ ਉਦੇਸ਼ ਸਮਾਜਿਕ ਨਿਆਂ ਦੀ ਪ੍ਰਾਪਤੀ ਲੋਕਾਂ ਵਲੋਂ, ਲੋਕਾਂ ਹੱਥੀਂ ਪ੍ਰਦਾਨ ਕਰਨਾ ਵੀ ਸੀ।

ਭਾਵੇਂ ਕਿ ਆਜ਼ਾਦੀ ਉਪਰੰਤ ਇਸ ਸਬੰਧੀ ਵੱਡੇ ਕਦਮ ਚੁੱਕੇ ਗਏ, ਪਰ 73ਵੀਂ ਤੇ 74 ਵੀਂ ਸੰਵਿਧਾਨਿਕ ਸੋਧ ਰਾਹੀਂ ਔਰਤਾਂ ਨੂੰ ਪੰਚਾਇਤਾਂ ਅਤੇ ਹੋਰ ਪੰਚਾਇਤੀ ਸੰਸਥਾਵਾਂ 'ਚ ਇੱਕ ਤਿਹਾਈ ਨੁਮਾਇੰਦਗੀ ਨਿਸ਼ਚਿਤ ਕੀਤੀ ਗਈ। ਵਿੱਤੀ ਅਧਿਕਾਰ ਵੀ ਤਹਿ ਹੋਏ। ਪੰਚਾਇਤਾਂ ਨੂੰ ਵੱਧ ਵਿੱਤੀ ਸਹਾਇਤਾ ਅਤੇ ਅਧਿਕਾਰਾਂ ਦੇ ਵਿਕੇਂਦਰੀਕਰਨ ਦੀ ਗੱਲ ਤਹਿ ਕੀਤੀ ਗਈ ਪਰ ਇਹ ਪਿਛਲੇ 32 ਸਾਲਾਂ ਵਿੱਚ ਕਿਸੇ ਵੀ ਢੰਗ ਨਾਲ ਲੋੜੀਂਦੇ ਸਿੱਟਿਆਂ 'ਤੇ ਨਾ ਪੁੱਜ ਸਕੀ। ਕਥਿਤ ਤੌਰ 'ਤੇ ਵਧ ਅਧਿਕਾਰਾਂ ਦੀਆਂ ਗੱਲਾਂ ਹੋਈਆਂ, ਪਰ ਇਹ ਹਕੀਕਤ ਨਾ ਬਣ ਸਕੀਆਂ।

ਭਾਰਤ ਵਿੱਚ ਅੱਜ ਸਿਆਸੀ ਸੱਤਾ ਦਾ ਕੇਂਦਰੀਕਰਨ ਵਧ ਰਿਹਾ ਹੈ। ਦੇਸ਼ ਵਿੱਚ ਲੋਕਤੰਤਰੀ ਢਾਂਚੇ ਨੂੰ ਬਣਾਈ ਰੱਖਣ ਲਈ, ਲੋਕਤੰਤਰੀ ਪ੍ਰਣਾਲੀ ਵਿੱਚ ਲੋਕਾਂ ਦਾ ਸਹਿਯੋਗ ਪ੍ਰਾਪਤ ਕਰਨਾ ਅਤਿ ਜ਼ਰੂਰੀ ਹੁੰਦਾ ਹੈ ਪਰ ਇਹ ਗਾਇਬ ਹੈ। ਲੋਕਤੰਤਰ ਦੀ ਸਫ਼ਲਤਾ ਨਾਗਰਿਕਾਂ ਦੇ ਸਹਿਯੋਗ ਨਾਲ ਹੀ ਸੰਭਵ ਹੈ ਪਰ ਨਾਗਰਿਕਾਂ ਦੀ ਪੁੱਛ-ਗਿੱਛ ਘੱਟ ਰਹੀ ਹੈ। ਸਥਾਨਕ ਸੰਸਥਾਵਾਂ, ਕਿਉਂਕਿ ਸਥਾਨਕ ਮਾਮਲਿਆਂ ਨੂੰ ਆਸਾਨੀ ਨਾਲ ਹੱਲ ਕਰਨ ਦੇ ਯੋਗ ਹੁੰਦੀਆਂ ਹਨ, ਇਸ ਲਈ ਇਹਨਾ ਦਾ ਮਜ਼ਬੂਤ ਹੋਣਾ ਸਮੇਂ ਦੀ ਲੋੜ ਹੈ ਪਰ ਇਸ ਤੱਥ ਨੂੰ ਅੱਖੋਂ ਪਰੋਖੇ ਕੀਤਾ ਜਾ ਰਿਹਾ ਹੈ।

ਇਹ ਸਮਝਣ ਦੀ ਲੋੜ ਹੈ ਕਿ ਪੰਚਾਇਤੀ ਰਾਜ ਹੀ ਇੱਕ ਇਹ ਜਿਹਾ ਦੁਆਰ ਹੈ, ਜੋ ਹਰ ਇਕ ਪਿੰਡ ਦੀ ਲੋਕਤੰਤਰੀ ਇਕਾਈ ਬਣ ਸਕਦਾ ਹੈ, ਜੋ ਪਿੰਡਾਂ ਨੂੰ ਆਤਮ ਨਿਰਭਰ ਵੀ ਬਣਾ ਸਕਦਾ ਹੈ। ਜੇਕਰ ਸਥਾਨਕ ਸਰਕਾਰਾਂ ਭਾਵ ਦਿਹਾਤੀ ਤੇ ਸ਼ਹਿਰੀ ਸੰਸਥਾਵਾਂ ਨੂੰ ਜ਼ਿਆਦਾ ਪ੍ਰਾਸ਼ਾਸ਼ਨੀ ਅਤੇ ਵਿੱਤੀ ਜ਼ੁੰਮੇਵਾਰੀ ਸੌਂਪੀ ਜਾਵੇ ਤਾਂ ਇਹ ਕੇਂਦਰ ਅਤੇ ਰਾਜ ਸਰਕਾਰਾਂ ਨਾਲੋਂ ਵੱਧ ਸੁਯੋਗਤਾ ਨਾਲ ਕੰਮ ਕਰ ਸਕਦੀਆਂ ਹਨ ਬੇਸ਼ਰਤੇ ਸਰਕਾਰੀ ਕਰਮਚਾਰੀਆਂ ਦਾ ਸਹਿਯੋਗ ਅਤੇ ਤਾਲਮੇਲ ਇਹਨਾ ਨੂੰ ਬਕਾਇਦਗੀ ਨਾਲ ਮਿਲਦਾ ਰਹੇ।

ਪਰ ਚਿੰਤਾ ਦਾ ਵਿਸ਼ਾ ਇਹ ਹੈ ਕਿ ਸਥਾਨਕ ਸਰਕਾਰਾਂ ਉਤੇ ਸਿਆਸੀ ਦਖ਼ਲ ਵਧ ਗਿਆ ਹੈ। ਦਿਹਾਤੀ, ਸ਼ਹਿਰੀ ਸੰਸਥਾਵਾਂ ਲਈ ਹੁੰਦੀ ਚੋਣ ਵੇਲੇ ਚੰਗੇ ਸੂਝਵਾਨ ਲੋਕਾਂ ਦੀ ਚੋਣ ਦੀ ਵਿਜਾਏ, ਧੜੇਬੰਦਕ ਪਹੁੰਚ ਅਪਨਾਈ ਜਾਂਦੀ ਹੈ, ਆਪਣੇ ਪਾਰਟੀ ਹਿੱਤਾਂ ਨੂੰ ਧਿਆਨ 'ਚ ਰੱਖਿਆ ਜਾਂਦਾ ਹੈ। ਅਸਰ ਰਸੂਖ ਵਾਲੇ ਲੋਕ ਇਹਨਾ ਸੰਸਥਾਵਾਂ 'ਤੇ ਕਾਬਜ਼ ਹੋ ਜਾਂਦੇ ਹਨ। ਜਿਹੜੇ ਸਥਾਨਕ ਲੋਕਾਂ ਦੇ ਹਿੱਤਾਂ ਦੀ ਪੂਰਤੀ ਦੀ ਥਾਂ ਆਪਣੇ ਹਿੱਤ ਪੂਰਦੇ ਹਨ।

ਸਿੱਟੇ ਵਜੋਂ ਮਾਫੀਆ, ਦਿਹਾਤੀ, ਸ਼ਹਿਰੀ, ਸੰਸਥਾਵਾਂ ਤੇ ਕਾਬਜ ਹੋ ਕੇ ਪਿੰਡ ਪੰਚਾਇਤਾਂ ਦੀਆਂ ਸ਼ਾਮਲਾਟ ਜ਼ਮੀਨਾਂ ਤੇ ਕਾਬਜ ਹੁੰਦਾ ਹੈ। ਸਰਕਾਰੀ ਗ੍ਰਾਂਟਾਂ ਪ੍ਰਾਪਤ ਕਰਕੇ ਸਿਆਸੀ ਤੇ ਅਫ਼ਸਰਸਾਹੀ ਦੀ ਮਿਲੀ ਭੁਗਤ ਨਾਲ ਭ੍ਰਿਸ਼ਟਾਚਾਰ ਕਰਦਾ ਹੈ। ਪਿੰਡਾਂ 'ਚ ਧੱਕੇਸ਼ਾਹੀ ਵਧਦੀ ਹੈ ਅਤੇ ਕਚਿਹਰੀ ਥਾਣਿਆਂ 'ਚ ਵੀ ਆਮ ਲੋਕ ਇਨਸਾਫ ਤੋਂ ਵਿਰਵੇ ਹੋ ਜਾਂਦੇ ਹਨ।

ਨਿੱਤ ਦਿਹਾੜੇ ਅਖ਼ਬਾਰੀ ਖ਼ਬਰਾਂ ਛਪਦੀਆਂ ਹਨ ਕਿ ਕਿਸੇ ਖ਼ਾਸ ਪਿੰਡ ਦੀ ਪੰਚਾਇਤ ਦੇ ਸਰਪੰਚ ਨੇ ਲੱਖਾਂ ਦਾ ਗਬਨ ਕਰ ਲਿਆ। ਇਹ ਗਬਨ ਪੰਚਾਇਤੀ-ਸਰਕਾਰੀ ਕਰਿੰਦਿਆਂ ਦੀ ਮਿਲੀ ਭੁਗਤ ਤੋਂ ਬਿਨ੍ਹਾਂ ਸੰਭਵ ਨਹੀਂ ਹੋ ਸਕਦਾ, ਕਿਉਂਕਿ ਇਕੱਲੇ ਸਰਪੰਚ ਜਾਂ ਪੰਚਾਇਤਾਂ ਨੂੰ 5000 ਰੁਪਏ ਤੋਂ ਵੱਧ ਚੈੱਕ ਰਾਹੀਂ ਰਕਮ ਕਢਾਉਣ ਦਾ ਅਧਿਕਾਰ ਹੀ ਨਹੀਂ ਹੈ।

ਇਹ ਵੀ ਖ਼ਬਰਾਂ ਮਿਲਦੀਆਂ ਹਨ ਕਿ ਕਿ ਸ਼ਾਮਲਾਟ ਜ਼ਮੀਨ ਉਤੇ ਰਸੂਖ਼ਵਾਨ ਕਬਜ਼ਾ ਕਰੀ ਬੈਠੇ ਹਨ। ਕੀ ਇਹ ਸਰਕਾਰੀ ਸਰਪ੍ਰਸਤੀ ਬਿਨ੍ਹਾਂ ਸੰਭਵ ਹੈ? ਪੰਜਾਬ ਵਿੱਚ ਕਈ ਇਹੋ ਜਿਹੇ ਕਬਜ਼ਾਧਾਰੀਆਂ ਦੇ ਮਾਮਲੇ ਹਨ ਜਿਹੜੇ ਜ਼ਿਲਾ ਪੰਚਾਇਤ ਅਤੇ ਵਿਕਾਸ ਅਫ਼ਸਰਾਂ ਦੀਆਂ ਅਦਾਲਤਾਂ 'ਚ ਵਰ੍ਹਿਆਂ ਬੱਧੀ ਲਟਕੇ ਹੋਏ ਹਨ, ਜਿਹਨਾ ਤੇ ਫ਼ੈਸਲੇ ਹੀ ਨਹੀਂ ਹੁੰਦੇ। ਪੰਚਾਇਤਾਂ ਦੀ ਮਿਆਦ ਖ਼ਤਮ ਹੋ ਜਾਂਦੀ ਹੈ, ਇਹ ਮੁਕੱਦਮੇ ਖ਼ਤਮ ਹੀ ਨਹੀਂ ਹੰਦੇ।

ਸਥਾਨਕ ਸਵੈ-ਸ਼ਾਸ਼ਨ ਵਿਵਸਥਾ ਭਾਰਤੀ ਪ੍ਰਾਸ਼ਾਸ਼ਨ ਦਾ ਅਨਿਖੜਵਾਂ ਅਤੇ ਮੌਲਿਕ ਅੰਗ ਨਹੀਂ ਬਨਣ ਦਿੱਤੀ ਜਾ ਰਹੀ, ਇਸਦੀਆਂ ਲਗਾਮਾਂ ਕੇਂਦਰੀ ਅਤੇ ਸੂਬਾ ਸਰਕਾਰਾਂ ਦੇ ਹੱਥ 'ਚ ਹਨ। ਜਿਵੇਂ ਕੇਂਦਰੀ ਹਾਕਮ ਸੂਬਾ ਸਰਕਾਰਾਂ ਦੀ ਸੰਘੀ ਘੁੱਟਦੇ ਹਨ, ਸਿਆਸੀ ਵਿਰੋਧੀ ਸਰਕਾਰਾਂ ਦੇ ਅਧਿਕਾਰ ਹਥਿਆਉਂਦੇ ਹਨ, ਇਵੇਂ ਹੀ ਸੂਬਾ ਸਰਕਾਰਾਂ ਦਿਹਾਤੀ ਤੇ ਸ਼ਹਿਰੀ ਸਥਾਨਕ ਸਰਕਾਰਾਂ ਦੇ ਕੰਮਾਂ ਕਾਰਾਂ ਉਤੇ ਵਾਹ ਲਗਦਿਆਂ ਆਪ ਹੀ ਕਾਬਜ ਰਹਿੰਦੀਆਂ ਹਨ। ਇਹੋ ਅਸਲ 'ਚ ਚਿੰਤਾ ਦਾ ਵਿਸ਼ਾ ਹੈ।

ਲੋੜ ਤਾਂ ਇਸ ਗੱਲ ਦੀ ਹੈ ਕਿ ਸਥਾਨਕ ਸਰਕਾਰਾਂ ਨੂੰ ਆਪਣੇ ਖੇਤਰ ਦੀਆਂ ਲੋੜਾਂ ਅਤੇ ਵਾਤਾਵਰਨ ਦੇ ਅਨੁਕੂਲ ਕਾਰਜ ਕਰਨ ਦੀ ਆਜ਼ਾਦੀ ਹੋਵੇ। ਉਹ ਸਮਾਜਿਕ ਕਲਿਆਣ ਸੇਵਾਵਾਂ ਪ੍ਰਾਸ਼ਾਸ਼ਕੀ ਲਚਕੀਲੇਪਨ ਨਾਲ ਮੌਜੂਦਾ ਭਿੰਨਤਾਵਾਂ ਨੂੰ ਧਿਆਨ 'ਚ ਰੱਖਕੇ ਚਲਾਉਣ । ਇਸ ਨਾਲ ਹੀ ਦੇਸ਼ ਦਾ ਬਹੁ ਪੱਖੀ ਵਿਕਾਸ ਹੋਏਗਾ ਅਤੇ ਦੇਸ਼ ਕਲਿਆਣਕਾਰੀ ਰਾਜ ਦੀ ਸਥਾਪਨਾ ਵੱਲ ਯੋਜਨਾਬੱਧ ਢੰਗ ਨਾਲ ਅੱਗੇ ਵੱਧ ਸਕੇਗਾ।

-ਗੁਰਮੀਤ ਸਿੰਘ ਪਲਾਹੀ
-98150802070

## ਡਾ. ਬਲਜੀਤ ਕੌਰ ਨੇ ਵੱਖ-ਵੱਖ ਆਂਗਣਵਾੜੀ ਯੂਨੀਅਨਾਂ ਨਾਲ ਕੀਤੀਆਂ ਮੀਟਿੰਗਾਂ

ਆਂਗਣਵਾੜੀ ਯੂਨੀਅਨਾਂ ਦੀਆਂ ਜਾਇਜ਼ ਮੰਗਾਂ ਦੇ ਹੱਲ ਦਾ ਦਿੱਤਾ ਭਰੋਸਾ



ਚੰਡੀਗੜ੍ਹ, 8 ਜੁਲਾਈ (ਪੋਸਟ ਬਿਊਰੋ): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਮੁਲਾਜਮਾਂ ਦੀਆਂ ਜਾਇਜ਼ ਮੰਗਾਂ ਦੀ ਪੂਰਤੀ ਲਈ ਵਚਨਬੱਧ ਹੈ। ਇਸੇ ਵਚਨਬੱਧਤਾ ਤਹਿਤ ਅੱਜ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਬਾਰੇ ਮੰਤਰੀ ਡਾ. ਬਲਜੀਤ ਕੌਰ ਨੇ ਆਂਗਣਵਾੜੀ ਮੁਲਾਜਮ ਯੂਨੀਅਨ ਪੰਜਾਬ (ਸੀਟੂ) ਅਤੇ ਸਰਵ ਆਂਗਣਵਾੜੀ ਵਰਕਰਜ਼ ਐਂਡ ਹੈਲਪਰਜ ਯੂਨੀਅਨ ਪੰਜਾਬ ਨਾਲ ਉਨ੍ਹਾਂ ਦੀਆਂ ਜਾਇਜ਼ ਮੰਗਾਂ ਦੇ ਹੱਲ ਲਈ ਮੀਟਿੰਗ ਕੀਤੀ।

ਮੀਟਿੰਗ ਬਹੁਤ ਹੀ ਸੁਖਾਵੇਂ ਮਾਹੌਲ ਵਿੱਚ ਹੋਈ। ਮੀਟਿੰਗ ਦੌਰਾਨ ਯੂਨੀਅਨ ਵੱਲੋਂ ਰੱਖੀਆਂ ਗਈਆਂ ਪ੍ਰਮੁੱਖ ਮੰਗਾਂ ਵਿੱਚ ਆਗਣਵਾੜੀ ਵਰਕਰ ਨੂੰ ਗ੍ਰੇਡ 3 ਅਤੇ ਹੈਲਪਰ ਨੂੰ ਗ੍ਰੇਡ 4 ਦਾ ਦਰਜਾ, 0 ਤੋਂ 6 ਸਾਲ ਤੱਕ ਦੇ ਬੱਚਿਆਂ ਨੂੰ ਆਂਗਣਵਾੜੀ ਸੈਂਟਰਾਂ ਵਿੱਚ ਰੱਖੇ ਜਾਣ, ਆਗਣਵਾੜੀ ਵਰਕਰ ਨੂੰ ਪ੍ਰੀ ਨਰਸਰੀ ਟੀਚਰ ਦਾ ਦਰਜਾ ਦਿੱਤਾ ਜਾਵੇ, ਆਂਗਣਵਾੜੀ ਵਰਕਰ ਹੈਲਪਰ ਨੂੰ ਸੇਵਾ ਮੁਕਤੀ ਤੇ ਗਰੈਚੁਟੀ, ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਅਸਾਮੀਆਂ ਦੀ ਭਰਤੀ, ਮੈਡੀਕਲ ਛੁੱਟੀ, ਆਯੁਸ਼ਮਾਨ ਬੀਮਾ ਯੋਜਨਾ ਨਾਲ ਜੋੜਦੇ ਹੋਏ ਮੁਫ਼ਤ ਇਲਾਜ ਲਈ ਕਾਰਡ ਬਣਾਏ ਜਾਣ, ਮਾਣਭੱਤਾ ਦੁੱਗਣਾ ਕਰਨ ਸਬੰਧੀ ਮੰਗਾਂ ਸ਼ਾਮਲ ਹਨ।

ਕੈਬਨਿਟ ਮੰਤਰੀ ਨੇ ਯੂਨੀਅਨ ਦੇ ਨੁਮਾਇੰਦਿਆਂ ਦੀਆਂ ਮੰਗਾਂ ਪੂਰੇ ਧਿਆਨ ਨਾਲ ਸੁਣੀਆਂ ਅਤੇ ਯੂਨੀਅਨ ਦੇ ਨੁਮਾਇੰਦਿਆਂ ਨੂੰ ਭਰੋਸਾ ਦਿੱਤਾ ਕਿ ਉਹਨਾਂ ਦੀਆਂ ਜਾਇਜ਼ ਮੰਗਾਂ ਜਲਦ ਹੀ ਪੂਰੀਆਂ ਕੀਤੀਆਂ ਜਾਣਗੀਆਂ। ਉਹਨਾਂ ਯੂਨੀਅਨ ਦੀਆਂ ਮੰਗਾਂ ਦੇ ਹੱਲ ਸਬੰਧੀ ਵੱਖ ਵੱਖ ਵਿਭਾਗਾਂ ਨਾਲ 5 ਅਗਸਤ 2024 ਨੂੰ ਮੀਟਿੰਗ ਰੱਖੀ ਹੈ।

ਇਸ ਮੌਕੇ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਦੇ ਵਿਸ਼ੇਸ਼ ਮੁੱਖ ਸਕੱਤਰ ਰਾਜੀ ਪੀ. ਸ਼੍ਰੀਵਾਸਤਵਾ, ਡਾਇਰੈਕਟਰ ਡਾ. ਸ਼ੇਨਾ ਅਗਰਵਾਲ, ਡਿਪਟੀ ਡਾਇਰੈਕਟਰ ਰੁਪਿੰਦਰ ਕੌਰ, ਅਮਰਜੀਤ ਸਿੰਘ ਭੁੱਲਰ, ਸੁਖਦੀਪ ਸਿੰਘ ਝੱਜ, ਡੀ.ਪੀ.ਓ ਹੈਡਆਫਿਸ ਸੁਮਨਦੀਪ ਕੌਰ ਅਤੇ ਸੁਪਰਡੈਂਟ ਬਲਰਾਜ ਕੌਰ ਵਿਸ਼ੇਸ਼ ਤੌਰ ਤੇ ਹਾਜ਼ਰ ਸਨ।

## ਰਕਬਾ ਭਵਨ ਵਿਖੇ 14 ਜੁਲਾਈ ਐਤਵਾਰ ਨੂੰ ਬੂਟੇ ਲਗਾਏ ਅਤੇ ਵੰਡੇ ਜਾਣਗੇ : ਬਾਵਾ

"ਇਲਾਹੀ ਗਿਆਨ ਦਾ ਸਾਗਰ ਸ੍ਰੀ ਗੁਰੂ ਗ੍ਰੰਥ ਸਾਹਿਬ" ਪੁਸਤਕ ਰਿਲੀਜ਼ ਕਰਨ ਲਈ ਕੈਨੇਡਾ ਅਤੇ ਅਮਰੀਕਾ ਅਗਸਤ 'ਚ ਜਾਣਗੇ ਬਾਵਾ, ਦਾਖਾ



ਮੁੱਲਾਂਪੁਰ ਦਾਖਾ, 8 ਜੁਲਾਈ ( ਗਿਆਨ ਸਿੰਘ): ਅੱਜ ਬਾਬਾ ਬੰਦਾ ਸਿੰਘ ਬਹਾਦਰ ਭਵਨ ਰਕਬਾ ਵਿਖੇ 14 ਜੁਲਾਈ ਨੂੰ ਬੂਟੇ ਲਗਾਉਣ, ਬੂਟੇ ਵੰਡਣ ਅਤੇ ਸਾਡਾ ਵਿਰਸਾ, ਸਹਿਜ ਅਤੇ ਸਮਾਜਿਕ ਕਰੀਤੀਆਂ ਖਿਲਾਫ ਸੈਮੀਨਾਰ ਆਯੋਜਿਤ ਕੀਤੇ ਜਾਣ ਸਬੰਧੀ ਬਾਬਾ ਬੰਦਾ ਸਿੰਘ ਬਹਾਦਰ ਅੰਤਰਰਾਸ਼ਟਰੀ ਫਾਊਂਡੇਸ਼ਨ ਦੇ ਪ੍ਰਧਾਨ ਕ੍ਰਿਸ਼ਨ ਕੁਮਾਰ ਬਾਵਾ, ਸਰਪ੍ਰਸਤ ਮਲਕੀਤ ਸਿੰਘ ਦਾਖਾ, ਫਾਊਂਡੇਸ਼ਨ ਦੇ ਸੂਬਾ ਪ੍ਰਧਾਨ ਕਰਨੈਲ ਸਿੰਘ ਗਿੱਲ, ਮਹਿਲਾ ਵਿੰਗ ਦੇ ਫਾਊਂਡੇਸ਼ਨ ਪੰਜਾਬ ਦੇ ਪ੍ਰਧਾਨ ਬੀਬੀ ਗੁਰਮੀਤ ਕੌਰ ਆਹਲੂਵਾਲੀਆ, ਮਹਿਲਾ ਵਿੰਗ ਫਾਊਂਡੇਸ਼ਨ ਦੀ ਪੰਜਾਬ ਦੀ ਚੇਅਰਪਰਸਨ ਬੀਬੀ ਸਵਰਨਜੀਤ ਕੌਰ, ਜਨਰਲ ਸਕੱਤਰ ਫਾਊਂਡੇਸ਼ਨ ਪੰਜਾਬ ਗੁਰਭੇਜ ਛਾਬੜਾ. ਪ੍ਰੋਫੈਸਰ ਗੁਰਸ਼ਰਨ ਕੌਰ, ਮੀਡੀਆ ਸਲਾਹਕਾਰ ਲਖਵਿੰਦਰ ਸਿੰਘ, ਸਾਹਿਰ ਆਹਲੂਵਾਲੀਆ ਪ੍ਰਬੰਧਕ ਸਕੱਤਰ, ਸਮਾਗਮ ਦੇ ਮੁੱਖ ਪ੍ਰਬੰਧਕ ਜਨਰਲ ਸਕੱਤਰ ਫਾਊਂਡੇਸ਼ਨ ਪੰਜਾਬ ਜਸਵੰਤ ਸਿੰਘ ਛਾਪਾ ਅਤੇ ਰੇਸ਼ਮ ਸਿੰਘ ਸੱਗੂ ਨੇ ਵਿਸਥਾਰ ਪੂਰਵਕ ਵਿਚਾਰਾਂ ਕੀਤੀਆਂ। ਇਸ ਸਮੇਂ ਮੀਟਿੰਗ ਵਿੱਚ ਗਿਆਨੀ ਜਗਜੀਤ ਸਿੰਘ ਪ੍ਰਧਾਨ ਗੁਰਦੁਆਰਾ ਕਮੇਟੀ ਰਕਬਾ ਮੁੱਖ ਤੌਰ 'ਤੇ ਹਾਜ਼ਰ ਹੋਏ। ਇਸ ਸਮੇਂ ਅੰਤਰਰਾਸ਼ਟਰੀ ਫਾਊਂਡੇਸ਼ਨ ਵੱਲੋਂ ਦਲਜਿੰਦਰ ਸਿੰਘ ਬੱਦੋਵਾਲ ਸਮਾਜ ਸੇਵੀ ਅਤੇ ਉੱਘੇ ਸਨਅਤਕਾਰ ਕੁਲਵੰਤ ਸਿੰਘ ਚਾਨੇ (ਦੋਹਤਰਾ ਰਕਬਾ) ਦਾ ਬਾਬਾ ਬੰਦਾ ਸਿੰਘ ਬਹਾਦਰ ਜੀ ਦਾ ਚਿੱਤਰ ਅਤੇ ਸਿਰੋਪਾਓ ਪਾ ਕੇ ਸਨਮਾਨ ਕੀਤਾ ਗਿਆ।

ਇਸ ਸਮੇਂ ਬਾਵਾ ਨੇ ਦੱਸਿਆ ਕਿ ਸੈਮੀਨਾਰ ਵਿੱਚ ਮੁੱਖ ਬੁਲਾਰੇ ਡਾ. ਹਰਸ਼ਿੰਦਰ ਕੌਰ ਪਟਿਆਲਾ, ਡਾ. ਸਵਰਾਜ ਸਿੰਘ ਅਤੇ ਗੁਰਪ੍ਰੀਤ ਸਿੰਘ ਤੂਰ ਆਈ.ਪੀ.ਐੱਸ ਹੋਣਗੇ। ਬਾਵਾ ਨੇ ਕਿਹਾ ਕਿ ਸਮਾਜ ਅੰਦਰ ਘਰਾਂ ਵਿੱਚੋਂ ਸਹਿਜ ਦਾ ਅਲੋਪ ਹੋ ਜਾਣ ਅੱਜ ਦੇ ਸਮਾਜ ਵਿੱਚ ਸਭ ਤੋਂ ਵੱਡਾ ਦੁੱਖਾਂ ਦਾ ਕਾਰਨ ਹੈ। ਉਹਨਾਂ ਇਸ ਸਮੇਂ ਸਭ ਨੂੰ ਆਉਣ ਦਾ ਸੱਦਾ ਦਿੱਤਾ। ਇਸ ਸਮੇਂ ਬਾਵਾ ਨੇ ਜਾਣਕਾਰੀ ਦਿੱਤੀ ਕਿ "ਇਲਾਹੀ ਗਿਆਨ ਦਾ ਸਾਗਰ ਸ੍ਰੀ ਗੁਰੂ ਗ੍ਰੰਥ ਸਾਹਿਬ" ਪੁਸਤਕ ਰਿਲੀਜ਼ ਕਰਨ ਲਈ ਉਹ ਅਤੇ ਮਲਕੀਤ ਸਿੰਘ ਦਾਖਾ ਅਗਸਤ ਵਿੱਚ ਅਮਰੀਕਾ ਤੇ ਕੈਨੇਡਾ ਜਾਣਗੇ। ਇਸ ਸਮੇਂ ਜਸਵੰਤ ਸਿੰਘ ਛਾਪਾ ਪ੍ਰਬੰਧਕ ਜਨਰਲ ਸਕੱਤਰ ਅਤੇ ਰਿਟਾ. ਆਈ.ਪੀ.ਐੱਸ ਇਕਬਾਲ ਸਿੰਘ ਗਿੱਲ ਉੱਘੇ ਸਮਾਜਸੇਵੀ ਵੱਲੋਂ ਦੱਸਿਆ ਕਿ ਉਪਰੋਕਤ ਸਮਾਗਮ ਆਜ਼ਾਦੀ ਦੇ ਪ੍ਰਵਾਨੇ ਜਿਨਾਂ ਬਾਰੇ ਉਸ ਸਮੇਂ ਕਿਹਾ ਜਾਂਦਾ ਸੀ "ਢਿੱਲੋਂ, ਸਹਿਗਲ, ਸ਼ਾਹਨਵਾਜ਼, ਲਾਲ ਕਿਲੇ ਸੇ ਆਈ ਆਵਾਜ਼" ਉਹ ਆਜ਼ਾਦੀ ਦੇ ਸੰਗਰਾਮ ਵਿੱਚ ਲਾਲ ਕਿਲੇ ਵਿੱਚ ਕੈਦ ਸਨ ਅਤੇ ਭਾਰਤ ਦਾ ਮਾਣ ਜਨਰਲ ਮੋਹਣ ਸਿੰਘ ਲੁਧਿਆਣਾ ਦੀ ਯਾਦ ਨੂੰ ਸਮਰਪਿਤ ਹੋਵੇਗਾ।







## 8 ਕਰੋੜ ਦੀ ਲਾਗਤ ਨਾਲ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦਾ ਹੋਵੇਗਾ ਵਿਸਥਾਰ

* ਵਿਧਾਇਕ ਫਰੀਦਕੋਟ ਨੇ ਰੱਖਿਆ ਨੀਂਹ ਪੱਥਰ * ਨਵੀਂ ਇਮਾਰਤ 11 ਮਹੀਨੇ ਵਿੱਚ ਬਣ ਕੇ ਹੋ ਜਾਵੇਗੀ ਤਿਆਰ

ਫਰੀਦਕੋਟ, 8 ਜੁਲਾਈ (ਗਿਆਨ ਸਿੰਘ): ਸਰਕਾਰੀ ਕਰਮਚਾਰੀਆਂ/ਅਧਿਕਾਰੀਆਂ ਦੀ ਸਹੂਲਤ ਅਤੇ ਆਉਣ ਵਾਲੇ ਲੋਕਾਂ ਦੇ ਕੰਮਾਂ ਨੂੰ ਹੋਰ ਸੁਖਾਲਾ ਕਰਨ ਲਈ ਜਿਲ੍ਹਾ ਪ੍ਰਬੰਧਕੀ ਕੰਪਲੈਕਸ ਦਾ ਜਲਦ ਹੀ ਵਿਸਥਾਰ ਹੋਣ ਜਾ ਰਿਹਾ ਹੈ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਕਰਦਿਆਂ ਵਿਧਾਇਕ ਫਰੀਦਕੋਟ ਸ. ਗੁਰਦਿੱਤ ਸਿੰਘ ਸੇਖੋਂ ਨੇ ਕਿਹਾ ਕਿ ਜਿਲ੍ਹਾ ਪ੍ਰਬੰਧਕੀ ਕੰਪਲੈਕਸ ਵਿੱਚ ਹੀ ਇੱਕ ਹੋਰ ਇਮਾਰਤ ਜਿਸ ਤੇ ਤਕਰੀਬਨ 8 ਕਰੋੜ ਰੁਪਏ ਖਰਚ ਕੀਤੇ ਜਾਣਗੇ ਅਤੇ ਇਹ ਇਮਾਰਤ 11 ਮਹੀਨੇ ਵਿੱਚ ਬਣ ਕੇ ਤਿਆਰ ਹੋ ਜਾਵੇਗੀ।

ਨਵੀਂ ਇਮਾਰਤ ਦੇ ਕੰਮ ਦਾ ਸ਼ੁੱਭ ਆਰੰਭ ਅੱਜ ਵਿਧਾਇਕ ਫਰੀਦਕੋਟ ਸ. ਸੇਖੋਂ ਨੇ ਆਪਣੇ ਕਰ-ਕਮਲਾਂ ਨਾਲ ਵਧੀਕ ਡਿਪਟੀ ਕਮਿਸ਼ਨਰ (ਜ) ਸ. ਜਗਜੀਤ ਸਿੰਘ ਅਤੇ ਜਿਲ੍ਹਾ ਅਧਿਕਾਰੀਆਂ ਦੀ ਸਮੁੱਚੀ ਟੀਮ ਦੀ



ਹਾਜ਼ਰੀ ਵਿੱਚ ਕੀਤਾ।

ਇਸ ਮੌਕੇ ਵਿਧਾਇਕ ਸ. ਸੇਖੋਂ ਨੇ ਦੱਸਿਆ ਕਿ ਜਿਲ੍ਹਾ ਪ੍ਰਬੰਧਕੀ ਕੰਪਲੈਕਸ ਦੀ ਰਹਿੰਦੇ ਬਲਾਕ ਦੀ ਉਸਾਰੀ ਲਈ ਪੰਜਾਬ ਸਰਕਾਰ ਵੱਲੋਂ ਤਕਰੀਬਨ 9.71 ਕਰੋੜ ਰੁਪਏ ਪ੍ਰਾਪਤ ਹੋਏ ਹਨ। ਉਨ੍ਹਾਂ ਦੱਸਿਆ ਕਿ ਜਿਸ ਏਜੰਸੀ ਨੂੰ ਇਮਾਰਤ ਬਣਾਉਣ ਦੀ ਕੰਮ ਸੌਂਪਿਆ ਗਿਆ ਹੈ, ਉਸ ਵੱਲੋਂ 12.51 ਪ੍ਰਤੀਸ਼ਤ ਘੱਟ ਤੇ 8.21 ਕਰੋੜ ਰੁਪਏ ਵਿੱਚ ਹੀ ਇਸ ਬਲਾਕ ਦੀ ਉਸਾਰੀ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਬਣਨ ਉਪਰੰਤ ਇਸ ਇਮਾਰਤ ਵਿੱਚ ਲਗਭਗ 15 ਦਫਤਰ ਸ਼ਿਫਟ ਕੀਤੇ ਜਾ ਸਕਦੇ ਹਨ। ਉਨ੍ਹਾਂ ਕਿਹਾ ਕਿ ਇਹ ਇਮਾਰਤ ਤਿੰਨ ਮੰਜਲੀ ਤਿਆਰ ਕਰਨ ਤੋਂ ਇਲਾਵਾ ਮੇਨ ਰੋਡ ਉਪਰ ਅਤੇ ਪਾਰਕਿੰਗ ਏਰੀਏ ਵਿੱਚ ਇੰਟਰਲੌਕ ਪੇਵਰ ਬਲਾਕ, ਵਹੀਕਲ ਪਾਰਕਿੰਗ ਸ਼ੈਡ ਅਤੇ ਮੇਨ ਗੇਟ ਦੀ ਉਸਾਰੀ ਆਦਿ ਕੰਮ ਵੀ ਕਰਵਾਏ ਜਾਣਗੇ।

ਉਨ੍ਹਾਂ ਕਿਹਾ ਕਿ ਅਜਿਹੇ ਕੰਮਾਂ ਨਾਲ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੇ ਸੁਪਨਿਆ ਨੂੰ ਬੂਰ ਪਿਆ ਹੈ। ਉਨ੍ਹਾਂ ਕਿਹਾ ਕਿ ਮੌਜੂਦਾ ਇਮਾਰਤ ਜੋ ਕਿ ਹੁਣ ਦੇ ਸਮੇਂ ਦੇ ਅਨੁਸਾਰ ਕਈ ਦਫਤਰਾਂ ਦੇ ਕਰਮਚਾਰੀਆਂ ਅਤੇ ਅਧਿਕਾਰੀਆਂ ਲਈ ਤੰਗ ਹੋ ਰਹੀ ਸੀ, ਨੂੰ ਹੋਰ ਹਵਾਦਾਰ ਅਤੇ ਲੋਕਾਂ ਦੀ ਸਹੂਲਤ ਮੁਤਾਬਿਕ ਖੁੱਲ੍ਹਾ-ਡੁੱਲਾ ਕੀਤਾ ਜਾਣਾ ਹੈ।

ਇਸ ਦੇ ਨਾਲ ਹੀ ਉਨ੍ਹਾਂ ਕਿਹਾ ਕਿ ਜਿਹੜੇ ਦਫਤਰ ਜਿਲ੍ਹਾ ਪ੍ਰਬੰਧਕੀ ਕੰਪਲੈਕਸ ਤੋਂ ਦੂਰ ਸਥਿਤ ਹਨ, ਉਨ੍ਹਾਂ ਮੁਲਾਜਮਾਂ ਲਈ ਵੀ ਇੱਥੋਂ ਹਰ ਰੋਜ਼ ਆਉਣਾ ਜਾਣਾ ਮੁਸ਼ਕਿਲ ਹੋ ਰਿਹਾ ਸੀ। ਇਸ ਦੇ ਨਾਲ ਹੀ ਲੋਕਾਂ ਨੂੰ ਵੀ ਦਿੱਕਤਾਂ ਦਾ ਸਾਹਮਣਾ ਕਰਨਾ ਪੈ ਰਿਹਾ ਸੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦਾ ਮੁੱਖ ਟੀਚਾ ਹਰ ਵਰਗ ਦੇ ਲੋਕਾਂ ਨੂੰ ਸਹੂਲਤਾਂ ਮੁਹੱਈਆ ਕਰਵਾਉਣ ਹੈ, ਤਾਂ ਜੋ ਉਨ੍ਹਾਂ ਦੀ ਖੱਜਲ ਖੁਆਰੀ ਨਾ ਹੋਵੇ। ਇਸ ਮੌਕੇ ਐਸ.ਡੀ.ਐਮ. ਫਰੀਦਕੋਟ ਮੇਜਰ ਵਰੁਣ ਕੁਮਾਰ, ਚੇਅਰਮੈਨ ਮਾਰਕਿਟ ਕਮੇਟੀ ਫਰੀਦਕੋਟ ਸ੍ਰੀ ਅਮਨਦੀਪ ਸਿੰਘ ਬਾਬਾ ਤੋਂ ਇਲਾਵਾ ਹੋਰ ਅਧਿਕਾਰੀ ਅਤੇ ਕਰਮਚਾਰੀ ਹਾਜ਼ਰ ਸਨ।

LOCAL & LONG DISTANCE MOVING

# H.K. MOVERS

VANCOUVER - CALGARY - EDMONTON - WINNIPEG - TORONTO - OTTAWA - MONTREAL

CANADA'S MOVING COMPANY




WE MOVE COAST TO COAST WITHIN CANADA,
WE DO INTERNATIONAL SHIPPING AND WE ALSO SHIP CARS

Best Business of 2023 ThreeBest Rated Excellence

Call: 416.524.6704
www.hkmovers.ca

2023 ThreeBest Rated Certificate of Excellence THREE BEST RATED

SAFE, RELIABLE AND EFFICIENT SERVICE AT THE BEST RATES

The Mortgage Centre
We work for you, not the lenders.




| Debt Consolidation | Renovations & Repairs | Avoiding High penalities |
|---|---|---|

No Credit or becon score check.
No income verification.
Interest payments only.
Pay off high interest debts.
75%-80% LTV.

Must have home equity.....

if you are looking for independent mortgage or protection advice....
We're here to help.
* Competitive rates
* Flexible terms
* Fast approval process

For more information call:

Jaspal Gahunia (Lic. M08006400)
Direct: 416-677-0047
Office: 416-674-7050
Email: paulpaul202@yahoo.ca
Office - Unit 201-19 Woodbine Downs Blvd, Etobicoke, ON M9W 6N5
-4040 Steeles Avenue West Unit#5 Woodbridge, ON, L4L 4Y5

Rexdale Financial Services

URGENTLY NEED NEW LISTINGS IN BRAMPTON/CALEDON




visit: www.teamjagaujla.com
ADVERTISEMENT GUARANTEED TILL SOLD
JAG AUJLA
MCNE, REAL ESTATE BROKER
416-371-7777
e-mail: j.aujla@rogers.com or visit: www.jagaujla.com
MCNE

CALL JAG AUJLA FOR A QUICK & FREE HOME EVALUATION
www.BramptonTopRealtor.com

RECENTLY LISTED IN YOUR NEIGHBOURHOOD

## Sandalwood & Sunny Meadow Blvd



ਬਹੁਤ ਹੀ ਵਧੀਆ ਲੋਕੇਸ਼ਨ ਉਤੇ ਗ੍ਰੀਨਰੀ ਫੇਸਿੰਗ ਬਹੁਤ ਹੀ ਵਧੀਆ ਤਰੀਕੇ ਨਾਲ ਮੇਨਟੇਨ ਕੀਤਾ ਹੋਇਆ ਲਗਭਗ 1305 ਸਕੇਅਰ ਫੁੱਟ (ਐਮਪੈਕ ਅਨੁਸਾਰ) ਦਾ ਕੌਂਡੋ ਸਟੈਕਡ ਟਾਊਨ ਹਾਊਸ, ਸਾਰੇ ਘਰ ਨੂੰ ਨਵਾਂ ਰੰਗ ਕੀਤਾ ਹੋਇਆ, ਸਾਲ 2016-17 ਵਿਚ ਬਣਿਆ ਹੋਇਆ 2 ਬੈਡਰੂਮ + 3 ਵਾਸ਼ਰੂਮ + ਓਪਨ ਟੈਰੇਸਡ ਬਾਲਕਨੀ + 1 ਕਾਰ ਗਰਾਜ ਦੇ ਨਾਲ, ਓਪਨ ਕਾਂਸੈਪਟ ਲਿਵਿੰਗ ਲੈਮੀਨੇਟਡ ਫਲੋਰ ਦੇ ਨਾਲ ਲੈਸ ਡਾਇਨਿੰਗ ਏਰੀਆ, ਸਟੇਨਲੈਸ ਸਟੀਲ ਨਾਲ ਬਣੀਆਂ ਕਿਚਨ ਕੈਬਿਨੇਟਸ, ਮਾਸਟਰ ਬੈਡਰੂਮ 4 ਪੀਸੀ ਐਨਸੂਟ ਦੇ ਨਾਲ ਸਕੂਲ, ਬੱਸ ਸਟਾਪ ਅਤੇ ਪਾਰਕ ਆਦਿ ਦੇ ਬਿਲਕੁਲ ਨਜ਼ਦੀਕ ਅਤੇ ਹੋਰ ਵੀ ਬਹੁਤ ਕੁੱਝ।

## James Potter/Queen/Bonnie Brae



ਬਹੁਤ ਹੀ ਸੋਹਣਾ 3000-3500 ਸਕੇਅਰ ਫੁੱਟ ਦਾ ਡਿਟੈਚਡ ਘਰ, 5+2 ਬੈਡਰੂਮ + ਦਫਤਰ + 5 ਵਾਸ਼ਰੂਮ, ਫਿਨਿਸ਼ਡ ਬੇਸਮੈਂਟ, 2 ਅਲੱਗ ਐਂਟਰੈਂਸ, 9 ਫੁੱਟ ਦੀ ਸੀਲਿੰਗ, ਡਬਲ ਡੋਰ ਐਂਟਰੀ, 5 ਪੀਸੀ ਐਨਸੂਟ ਦੇ ਨਾਲ ਮਾਸਟਰ ਬੈਡਰੂਮ, ਮੇਨ ਫਲੋਰ ਉਤੇ ਲੱਕੜ ਦਾ ਕੰਮ ਕੀਤਾ ਹੋਇਆ, ਬੇਸਮੈਂਟ ਵਿਚ ਲੈਮੀਨੇਟ ਅਤੇ ਸੇਰਾਮਿਕਸ, ਗ੍ਰੇਨਾਈਟ ਕਊਂਟਰ ਟਾਪ ਅਤੇ ਸੈਂਟਰ ਆਈਲੈਂਡ ਦੇ ਨਾਲ ਕਿਚਨ, ਗ੍ਰੀਨਰੀ ਵੱਲ ਫੇਸ ਕਰਦਾ ਹੋਇਆ ਬ੍ਰੇਕਫਾਸਟ ਏਰੀਆ, ਮੇਨ ਫਲੋਰ ਉਤੇ ਲਾਊਂਡਰੀ, ਘਰ ਦੇ ਸਾਹਮਣੇ ਪਾਰਕ ਅਤੇ ਹੋਰ ਵੀ ਬਹੁਤ ਕੁੱਝ।

## Caledon Ontario (Dir/Cross St:Mayfield/ Mclaughlin/Tweedhill)



ਬਹੁਤ ਹੀ ਵਧੀਆ ਪ੍ਰਾਈਮ ਲੋਕੇਸ਼ਨ ਉਤੇ ਕਿਰਾਏ ਲਈ ਖਾਲੀ 700-1100 ਸਕੁਏਅਰ ਫੁੱਟ ਦਾ ਸੋਹਣਾ ਜਿਹਾ ਘਰ, ਦੋ ਬੈਡਰੂਮਜ਼ ਦੇ ਨਾਲ ਲੀਗਲ ਬੇਸਮੈਂਟ ਅਪਾਰਟਮੈਂਟ (ਅਲੱਗ ਐਂਟਰੈਂਸ), ਕੰਕਰੀਟ ਦਾ ਡਰਾਇਵ ਵੇਅ, ਓਪਨ ਕਾਂ-ਸੈਪਟ ਦੇ ਨਾਲ ਲਿਵਿੰਗ ਰੂਮ ਨਾਲ ਅਟੈਚਡ ਕਿਚਨ, ਕਿਰਾਏਦਾਰ ਨੂੰ ਕਿਰਾਇਆ ਅਤੇ 30% ਯੂਟੀਲਿਟੀਜ਼ ਦੇਣਾ ਹੋਵੇਗਾਲੀਜ਼ ਘੱਟ ਤੋਂ ਘੱਟ 1 ਸਾਲ ਲਈ ਹੋਵੇਗੀ।

## Bramalea/Father Tobin /Fernfor



ਬਹੁਤ ਹੀ ਸ਼ਾਨਦਾਰ 3065 ਸਕੇਅਰ ਫੁੱਟ ਦਾ 3 ਮੰਜਲਾ ਡਿਟੈਚਡ ਘਰ, 5+1 ਬੈਡਰੂਮ + 5 ਵਾ-ਸ਼ਰੂਮ ਅਤੇ 2 ਫੈਮਿਲੀ ਰੂਮ, 2 ਮਾਸਟਰ ਬੈਡਰੂਮ ਅਤੇ ਇਕ ਫਿਨਿਸ਼ਡ ਬੇਸਮੈਂਟ, ਡਬਲ ਡੋਰ ਐਂ-ਟਰੀ, ਓਕ ਸਟੇਅਰਕੇਸ, ਲਿਵਿੰਗ, ਡਾਈਨਿੰਗ ਅਤੇ ਫੈਮਿਲੀ ਰੂਮ ਵਿਚ ਹਾਰਡਵੁੱਡ ਲੱਗਾ ਹੋਇਆ, ਸੋਹਣਾ ਜਿਹਾ ਕਿਚਨ ਸੈਂਟਰ ਆਈਲੈਂਡ ਦੇ ਨਾਲ, ਮਾਸਟਰ ਬੈਡਰੂਮ ਵਿਚ 5 ਪੀਸੀ ਐਨ-ਸੂਟ, ਦੂਜੀ ਮੰਜਲ 'ਤੇ ਲਾਊਂਡਰੀ, ਗਰਾਜ ਤੋਂ ਘਰ ਦੀ ਐਂਟਰੀ, ਬੇਸਮੈਂਟ ਵਿਚ ਸ਼ਾਨਦਾਰ ਥੀਏਟਰ ਦੇ ਨਾਲ, ਸਕੂਲ, ਬੱਸ ਸਟਾਪ ਅਤੇ ਪਾਰਕ ਆਦਿ ਦੇ ਬਿਲਕੁਲ ਨਜ਼ਦੀਕ ਤੇ ਹੋਰ ਵੀ ਬਹੁਤ ਕੁੱਝ।

FREE
- Full MLS services
- Consistent marketing until your property is sold
- Competitive rates, exceptional service & award winning results
- Staging consultation
- Billboard, flyer
- Online Promotion
- Professional pictures & virtual tour
- Social media & radio advertisement
- Open house till sold

RE/MAX REALTY SPECIALISTS INC.
Ph:905-456-3232
Call JAG AUJLA 416-371-7777
MCNE, Real Estate Broker
NOT INTENDED TO SOLICIT BUYERS OR SELLERS CURRENTLY UNDER CONTRACT


2024 TOUR • 180+ SHOWS •
12 FABULOUS LOCATIONS • CANADA & USA
ROYAL CANADIAN
International
CIRCUS
UNDER THE BIG TOP
6 GTA LOCATIONS
June 27 - Sept 2
2 for 1
GENERAL ADMISSION TICKETS DISCOUNT
PROMO CODE:
PUNJABI
ROYALCANADIANCIRCUS.CA